


# ਕੈਨੇਡੀਅਨ ਪੰਜਾਬੀ ਪੋਸਟ

Award winning news paper | Canadian Punjabi Post




To view our online newspaper visit punjabipost.ca/epaper | Vol 23* Issue 190 | Thursday, 17 October 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਟਰੂਡੋ ਦੇ ਐੱਮਪੀ ਨੇ ਹੀ ਕਿਹਾ: ਟਰੂਡੋ ਦੇ ਜਾਣ ਦਾ ਸਮਾਂ ਆ ਗਿਆ



ਓਟਵਾ, 16 ਅਕਤੂਬਰ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਪਦ ਤੋਂ ਹਟਾਉਣ ਦੇ ਉਦੇਸ਼ ਨਾਲ ਲਿਬਰਲ ਕਾਕਸ ਵਿਚ ਬਗ਼ਾਵਤ ਦੀਆਂ ਹਾਲ ਹੀ ਵਿੱਚ ਆਈਆਂ ਖਬਰਾਂ ਦੇ ਚਲਦੇ ਇੱਕ ਲਿਬਰਲ ਸਾਂਸਦ ਸੀਨ ਕੇਸੀ ਨੇ ਕਿਹਾ ਹੈ ਕਿ ਉਨ੍ਹਾਂ ਦੇ ਵੋਟਰ ਕਹਿ ਰਹੇ ਹਨ ਕਿ ਕਿ ਟਰੂਡੋ ਦੇ ਜਾਣ ਦਾ ਸਮਾਂ ਆ ਗਿਆ ਹੈ ਅਤੇ ਉਹ ਇਸ ਗੱਲ ਨਾਲ ਸਹਿਮਤ ਹਨ।

ਕੇਸੀ 2011 ਵਲੋਂ ਚਾਰਲੋਟਟਾਊਨ ਤੋਂ ਸਾਂਸਦ ਦੇ ਰੂਪ ਵਿੱਚ ਕੰਮ ਕਰ ਰਹੇ ਹਨ। ਉਨ੍ਹਾਂ ਨੇ ਇੱਕ ਚੈਨਲ 'ਤੇ ਗੱਲਬਾਤ ਦੌਰਾਨ ਇਹ ਗੱਲ ਕਹੀ। ਉਨ੍ਹਾਂ ਦੀਆਂ ਚਿੰਤਾਵਾਂ ਅੰਤਰਰਾਸ਼ਟਰੀ ਟਰੇਡ ਮੰਤਰੀ ਮੈਰੀ ਐਂਨ ਜੀ ਵੱਲੋਂ ਲਿਬਰਲ ਕਾਕਸ ਵਿੱਚ ਕੁੱਝ ਲੋਕਾਂ ਵਿਚਕਾਰ ਵਧਦੀ ਅੰਦਰੂਨੀ ਬਗ਼ਾਵਤ ਦੀਆਂ ਰਿਪੋਰਟਾਂ ਨੂੰ ਜਨਤਕ ਰੂਪ ਤੋਂ ਸੰਬੋਧਿਤ ਕਰਨ ਅਤੇ ਟਰੂਡੋ ਵਿੱਚ ਆਪਣਾ ਭਰੋਸਾ ਪ੍ਰਗਟ ਕਰਨ ਤੋਂ ਕੁੱਝ ਹੀ ਦਿਨਾਂ ਬਾਅਦ ਆਈਆਂ ਹਨ ।

ਸੂਤਰਾਂ ਅਨੁਸਾਰ ਲਿਬਰਲ ਕਾਕਸ ਦੇ ਕੁੱਝ ਮੈਂਬਰ ਟਰੂਡੋ ਨੂੰ ਅਸਤੀਫਾ ਦੇਣ ਲਈ ਕਹਿਣ ਵਾਲੇ ਦਸਤਾਵੇਜ਼ 'ਤੇ ਦਸਤਖਤ ਕਰਨ ਲਈ ਸਹਿਕਰਮੀਆਂ ਨਾਲ ਸੰਪਰਕ ਕਰ ਰਹੇ ਹਨ।

## ਕੈਨੇਡਾ ਅਤੇ ਭਾਰਤ ਸਰਕਾਰ ਵਿਚਾਲੇ ਤਣਾਅ ਚਿੰਤਾ ਦਾ ਵਿਸ਼ਾ : ਓ.ਐੱਸ.ਜੀ.ਸੀ.

### ਕਿਹਾ: ਕੈਨੇਡੀਅਨ ਨਾਗਰਿਕਾਂ ਖਿਲਾਫ ਹਿੰਸਕ ਘਟਨਾਵਾਂ 'ਚ ਵਿਦੇਸ਼ੀ ਦਖ਼ਲਅੰਦਾਜ਼ੀ ਦੀ ਜਵਾਬਦੇਹੀ ਵਧੇ

ਓਂਟਾਰੀਓ, 16 ਅਕਤੂਬਰ (ਪੋਸਟ ਬਿਊਰੋ) : ਓਂਟਾਰੀਓ ਵਿੱਚ ਸਿੱਖ ਭਾਈਚਾਰੇ ਦੀ ਨੁਮਾਇੰਦਗੀ ਕਰਨ ਵਾਲੀ ਓਂਟਾਰੀਓ ਸਿੱਖ ਅਤੇ ਗੁਰਦੁ-ਆਰਾ ਕੌਂਸਲ (ਓਐੱਸਜੀਸੀ) ਨੇ ਆਰਸੀਐੱਮਪੀ ਦੀ ਰਿਪੋਰਟ ਤੋਂ ਬਾਅਦ ਗੰਭੀਰ ਚਿੰਤਾਵਾਂ ਦਾ ਪ੍ਰਗਟਾਵਾ ਕੀਤਾ ਹੈ ਜਿਸ ਵਿੱਚ ਕੈਨੇਡੀਅਨ ਨਾਗਰਿਕਾਂ ਵਿਰੁੱਧ ਹਿੰਸਕ ਕਾਰਵਾਈਆਂ ਵਿੱਚ ਭਾਰਤ ਸਰਕਾਰ ਦੇ ਏਜੰਟਾਂ ਦੀ ਸੰਭਾਵਤ ਸ਼ਮੂਲੀਅਤ ਦੀ ਗੱਲ ਕਹੀ ਗਈ ਹੈ, ਖਾਸ ਤੌਰ 'ਤੇ ਕੈਨੇਡੀਅਨ ਨਾਗਰਿਕ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਦੇ ਮਾਮਲੇ 'ਚ।



ਓਐੱਸਜੀਸੀ ਵਲੋਂ ਕਿਹਾ ਗਿਆ ਹੈ ਕਿ ਉਹ ਕੈਨੇਡੀਅਨ ਸਿੱਖਾਂ ਦੀ ਮਜ਼ਬੂਤ ਸੁਰੱਖਿਆ ਅਤੇ ਵਿਦੇਸ਼ੀ ਦਖਲਅੰਦਾਜ਼ੀ ਲਈ ਜਵਾਬਦੇਹੀ ਵਧਾਉਣ ਦੀ ਮੰਗ ਕਰਦੇ ਹਾਂ। ਉਹ ਇਹ ਵੀ ਉਮੀਦ ਕਰਦੇ ਹਨ ਕਿ ਦੋਵੇਂ ਸਰਕਾਰਾਂ ਇਸ ਮਾਮਲੇ 'ਚ ਵੱਡੇ ਪੱਧਰ 'ਤੇ ਸਿੱਖ ਭਾਈਚਾਰੇ ਦੀ ਸੰਤੁਸ਼ਟੀ ਲਈ ਸਹਿਯੋਗ ਕਰਨਗੀਆਂ।

ਅਜਿਹੀਆਂ ਘਟਨਾਵਾਂ ਨੇ ਕੈਨੇਡੀਅਨ ਸਿੱਖਾਂ ਵਿੱਚ ਸੁਰੱਖਿਆ ਨੂੰ ਲੈ ਕੇ ਡਰ ਨੂੰ ਵਧਾ ਦਿੱਤਾ ਹੈ, ਕਿਉਂਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਹ ਕਾਰਵਾਈਆਂ ਵਿਦੇਸ਼ਾਂ ਵਿੱਚ ਸਿੱਖ ਭਾਈਚਾਰੇ ਦੇ ਨੇਤਾਵਾਂ ਅਤੇ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਲਈ ਭਾਰਤ ਵੱਲੋਂ ਕੀਤੇ ਗਏ ਵਿਆਪਕ ਯਤਨਾਂ ਦਾ ਹਿੱਸਾ ਹਨ। ਇਨ੍ਹਾਂ ਦੋਸ਼ਾਂ ਕਾਰਨ ਕੈਨੇਡਾ ਅਤੇ ਭਾਰਤ ਵਿਚਾਲੇ ਤਣਾਅ ਵੀ ਵਧ ਗਿਆ ਹੈ ਜੋ ਕੈਨੇਡੀਅਨ ਸਿੱਖਾਂ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ।

## ਸਿਹਤ ਸੁਰੱਖਿਆ ਪ੍ਰਤੀ ਸੁਝਾਵਾਂ ਲਈ ਓ.ਐੱਮ.ਏ. ਲਾਂਚ ਕਰੇਗੀ 'ਸਟਾਪ ਦੀ ਕ੍ਰਾਇਸਸ'




ਓਂਟਾਰੀਓ, 16 ਅਕਤੂਬਰ (ਪੋਸਟ ਬਿਊਰੋ): ਓਂਟਾਰੀਓ ਦੇ ਡਾਕਟਰਾਂ ਨੇ ਸੂਬਾ ਸਰਕਾਰ ਨੂੰ ਸਿਹਤ ਸੁਰੱਖਿਆ ਦੇ ਨਿਘਾਰ ਤੋਂ ਬਾਹਰ ਆਉਣ ਲਈ ਕੁੱਝ ਸੁਝਾਅ ਦਿੱਤੇ ਹਨ। ਬੁੱਧਵਾਰ ਨੂੰ ਦੀ ਓਂਟਾਰੀਓ ਮੈਡੀਕਲ ਐਸੋਸੀਏਸ਼ਨ (ਓ.ਐੱਮ.ਏ.) ਨੇ ਲੋਕਾਂ ਦੀ ਸਿਹਤ ਪ੍ਰਤੀ ਸਰਕਾਰ ਦਾ ਧਿਆਨ ਲਿਆਉਣ ਲਈ ਆਪਣੀ ਪਹਿਲਕਦਮੀ 'ਸਟਾਪ ਦੀ ਕ੍ਰਾਇਸਸ' ਲਾਂਚ ਕੀਤੀ। ਜਿਸ ਵਿਚ 6 ਮਹੱਤਵਪੂਰਨ ਖੇਤਰਾਂ ਬਾਰੇ ਦੱਸਿਆ ਗਿਆ ਹੈ, ਜਿਨ੍ਹਾਂ ਵੱਲ ਧਿਆਨ ਦੇ ਕੇ ਲੋਕਾਂ ਦੀ ਸਿਹਤ ਸੰਭਾਲੀ ਜਾ ਸਕਦੀ ਹੈ।

-ਹਰ ਇੱਕ ਓਂਟਾਰੀਓ ਵਾਸੀ ਨੂੰ ਇਕ ਫੈਮਿਲੀ ਡਾਕਟਰ ਦੀ ਲੋੜ ਹੈ।
-ਓਂਟਾਰੀਓ ਦੀ ਦਿਹਾਤੀ ਅਤੇ ਉਤਰੀ ਸਿਹਤ ਸੰਭਾਲ ਨੂੰ ਬਚਾਓ।
-ਐਮਰਜੈਂਸੀ ਵਿਭਾਗ ਖੁੱਲ੍ਹੇ ਰੱਖੋ।
-ਸਰਜਰੀ, ਸਪੈਸ਼ਲਿਸਟ ਅਤੇ ਡਾਇਗਨੌਸਟਿਕ ਟੈਸਟਾਂ ਲਈ ਪਹੁੰਚ ਅਤੇ ਫੰਡਿੰਗ 'ਚ ਸੁਧਾਰ ਕਰਨਾ।
-ਮਨੁੱਖੀ ਸਿਹਤ ਸੰਸਾਧਨ ਰਣਨੀਤੀ
-ਡਿਜ਼ੀਟਲ ਹੈਲਥ ਕੇਅਰ ਅਤੇ ਖੋਜ ਨੂੰ ਉਤਸ਼ਾਹਿਤ ਕਰਨਾ।

ਲਗਭਗ 2.5 ਮਿਲੀਅਨ ਓਂਟਾਰੀਓ ਵਾਸੀ ਫੈਮਿਲੀ ਡਾਕਟਰ ਤੋਂ ਬਿਨਾਂ ਹਨ। ਇਹ ਅੰਕੜਾ 2026 ਤੱਕ 25% ਤੱਕ ਵਧ ਜਾਵੇਗਾ। ਕਈ ਭਾਈਚਾਰਿਆਂ 'ਚ ਐਮਰਜੈਂਸੀ ਵਿਭਾਗ ਵਿਚ ਸਮਰੱਥਾ ਤੋਂ ਵੱਧ ਮਰੀਜ਼ ਆ ਰਹੇ ਹਨ ਤੇ ਕਈਆਂ ਨੂੰ ਤਾਂ ਖੁੱਲ੍ਹੇ ਰਹਿਣ ਲਈ ਹੀ ਸੰਘਰਸ਼ ਕਰਨਾ ਪੈ ਰਿਹਾ ਹੈ। 89% ਓਨਟਾਰੀਓ ਵਾਸੀ ਓਂਟਾਰੀਓ ਦੇ ਸਿਹਤ ਸੁਰੱਖਿਆ ਸਿਸਟਮ ਪ੍ਰਤੀ ਚਿੰਤਤ ਹਨ। ਇਹ ਪ੍ਰਾਥਮਿਕਤਾਵਾਂ ਚੋਣਾਂ 'ਤੇ ਵੀ ਪ੍ਰਭਾਵ ਪਾ ਸਕਦੀਆਂ ਹਨ।


















## ਅੱਜ ਨਾਮਾ

ਮਹਾਰਾਸ਼ਟਰ ਵਿੱਚ ਚੋਣਾਂ ਦੀ ਬਾਤ ਚੱਲੀ,
ਲੀਡਰ ਲੱਗੇ ਆ ਹੋਵਣ ਸਰਗਰਮ ਬੇਲੀ।
ਬੋਲੀ ਜਿਨ੍ਹਾਂ ਦੀ ਅੱਖੜ ਸੀ ਬੜੀ ਕਹਿੰਦੇ,
ਬੋਲਣ ਲੱਗ ਪਏ ਬੋਲ ਉਹ ਨਰਮ ਬੇਲੀ।
ਸਾਲ ਪੰਜ ਤੇ ਅੰਨ੍ਹੀ ਜਿਹੀ ਪਾਈ ਬਾਹਲੀ,
ਚੋਣਾਂ ਦੀ ਬਹਿਸ ਹੈ ਖੋਲ੍ਹਦੀ ਭਰਮ ਬੇਲੀ।
ਖੁੱਲ੍ਹਦੇ ਭੇਦ, ਜਵਾਬ ਕੋਈ ਅਹੁੜਦਾ ਨਾ,
ਮੀਡੀਆ ਆਏ ਤੇ ਆਂਵਦੀ ਸ਼ਰਮ ਬੇਲੀ।
ਹਰ ਇੱਕ ਰਾਜ ਦੇ ਅੰਦਰ ਹੀ ਹੋਏ ਏਦਾਂ,
ਫਿਰ ਵੀ ਆਗੂ ਨਹੀਂ ਭਲੀ ਗੁਜ਼ਾਰਦੇ ਈ।
ਮੌਕਾ ਮਿਲੇ ਤਾਂ ਝਿਜਕ ਨਹੀਂ ਠੱਗੀਆਂ ਤੋਂ,
ਜਿੱਧਰ ਨੂੰ ਦਾਅ ਲੱਗਾ, ਚੁੰਝਾਂ ਮਾਰਦੇ ਈ।

**ਤੀਸ ਮਾਰ ਖਾਂ**

# ਸਟਰੈਟਫੋਰਡ ਦੀ ਔਰਤ ਦੇ ਕਤਲ ਮਾਲਲੇ ’ਚ ਇੱਕ ਮੁਲਜ਼ਮ ਗ੍ਰਿਫ਼ਤਾਰ




ਟੋਰਾਂਟੋ, 16 ਅਕਤੂਬਰ (ਪੋਸਟ ਬਿਊਰੋ): ਸਟਰੈਟਫੋਰਡ ਪੁਲਿਸ ਦਾ ਕਹਿਣਾ ਹੈ ਕਿ ਮੰਗਲਵਾਰ ਦੀ ਸਵੇਰੇ ਸਟਰੈਟਫੋਰਡ, ਓਂਟਾਰੀਓ ਵਿੱਚ ਹੋਈ ਗੋਲੀਬਾਰੀ ਦੇ ਸਿਲਸਿਲੇ ਵਿੱਚ 41 ਸਾਲਾ ਵਿਅਕਤੀ ’ਤੇ ਕਤਲ ਦਾ ਚਾਰਜਿਜ਼ ਲਗਾਇਆ ਗਿਆ ਹੈ।

ਪੁਲਿਸ ਦਾ ਕਹਿਣਾ ਹੈ ਕਿ ਮੰਗਲਵਾਰ ਸਵੇਰੇ ਲਗਭਗ 5 ਵਜੇ ਇੱਕ ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਐਮਰਜੈਂਸੀ ਸੇਵਾਵਾਂ ਨੂੰ ਓਂਟਾਰੀਓ ਸਟਰੀਟ ’ਤੇ ਇੱਕ ਘਰ ਵਿੱਚ ਭੇਜਿਆ ਗਿਆ ਸੀ।

ਜਦੋਂ ਅਧਿਕਾਰੀ ਘਟਨਾ ਸਥਾਨ ’ਤੇ ਪਹੁੰਚੇ ਤਾਂ ਉਨ੍ਹਾਂ ਨੇ 35 ਸਾਲਾ ਕੈਸਿਡੀ ਬੈਲੇਂਟਾਈਨ-ਹੋਂਸ ਨੂੰ ਗੋਲੀ ਲੱਗਣ ਕਾਰਨ ਬੇਹੋਸ਼ ਹਾਲਤ ਵਿਚ ਪਾਇਆ। ਪੁਲਿਸ ਦਾ ਦੱਸਿਆ ਕਿ ਉਸਨੂੰ ਸਟਰੈਟਫੋਰਡ ਜਨਰਲ ਹਸਪਤਾਲ ਲਿਜਾਇਆ ਗਿਆ, ਜਿੱਥੇ ਬਾਅਦ ਵਿੱਚ ਉਸਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

41 ਸਾਲਾ ਕੀਥ ਸੈਵਿਲ ਨੂੰ ਬਾਅਦ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਸ ’ਤੇ ਸੈਕਿੰਡ ਡਿਗਰੀ ਕਤਲ, ਖਤਰਨਾਕ ਉਦੇਸ਼ ਲਈ ਹਥਿਆਰ ਰੱਖਣ, ਹਥਿਆਰ ਦਾ ਗੈਰ ਕਾਨੂੰਨੀ ਕਬਜ਼ਾ, ਹਥਿਆਰਾਂ ਦੀ ਤਸਕਰੀ ਦੇ ਚਾਰਜਿਜ਼ ਲਗਾਏ ਗਏ।

# ਭਾਰਤ-ਕੈਨੇਡਾ ਵਿਵਾਦ ’ਚ ਅਮਰੀਕਾ ਨੇ ਕਿਹਾ- ਭਾਰਤ ਨਹੀਂ ਕਰ ਰਿਹਾ ਸਹਿਯੋਗ



ਵਾਸ਼ਿੰਗਟਨ, 16 ਅਕਤੂਬਰ (ਪੋਸਟ ਬਿਊਰੋ): ਸਿੱਖ ਸਖਸ਼ੀਅਤ ਹਰਦੀਪ ਸਿੰਘ ਨਿੱਝਰ ਮਾਮਲੇ ਨੂੰ ਲੈ ਕੇ ਭਾਰਤ ਅਤੇ ਕੈਨੇਡਾ ਵਿਚਾਲੇ ਚੱਲ ਰਹੇ ਵਿਵਾਦ ਦਰਮਿਆਨ ਅਮਰੀਕਾ ਦਾ ਬਿਆਨ ਵੀ ਆਇਆ ਹੈ। ਅਮਰੀਕਾ ਨੇ ਭਾਰਤ 'ਤੇ ਜਾਂਚ 'ਚ ਸਹਿਯੋਗ ਨਾ ਦੇਣ ਦਾ ਦੋਸ਼ ਲਗਾਇਆ ਹੈ।

ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਮੈਥਿਊ ਮਿਲਰ ਨੇ ਮੰਗਲਵਾਰ ਨੂੰ ਕਿਹਾ ਕਿ ਭਾਰਤ 'ਤੇ ਲਗਾਏ ਗਏ ਦੋਸ਼ ਬਹੁਤ ਗੰਭੀਰ ਹਨ। ਅਸੀਂ ਚਾਹੁੰਦੇ ਹਾਂ ਕਿ ਭਾਰਤ ਸਰਕਾਰ ਕੈਨੇਡਾ ਦੇ ਨਾਲ-ਨਾਲ ਜਾਂਚ ਵਿੱਚ ਮਦਦ ਕਰੇ। ਭਾਰਤ ਨੇ ਅੱਜ ਤੱਕ ਅਜਿਹਾ ਨਹੀਂ ਕੀਤਾ ਹੈ।

ਇਸ ਤੋਂ ਪਹਿਲਾਂ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਸੋਮਵਾਰ ਨੂੰ ਦਾਅਵਾ ਕੀਤਾ ਸੀ ਕਿ ਨਿੱਝਰ ਦੇ ਕਤਲ ਵਿੱਚ ਭਾਰਤ ਸਰਕਾਰ ਦੇ ਅਧਿਕਾਰੀ ਸ਼ਾਮਿਲ ਸਨ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਅਮਰੀਕਾ ਨੇ ਭਾਰਤ ਅਤੇ ਕੈਨੇਡਾ ਵਿਚਾਲੇ ਤਣਾਅ 'ਤੇ ਟਿੱਪਣੀ ਕੀਤੀ ਹੈ। ਪਿਛਲੇ ਸਾਲ ਸਤੰਬਰ ਵਿੱਚ ਕੈਨੇਡੀਅਨ ਪ੍ਰਧਾਨ ਮੰਤਰੀ ਟਰੂਡੋ ਨੇ ਸੰਸਦ ਵਿੱਚ ਨਿੱਝਰ ਦੇ ਕਤਲ ਵਿੱਚ ਭਾਰਤ ਦਾ ਹੱਥ ਹੋਣ ਦਾ ਦੋਸ਼ ਲਾਇਆ ਸੀ। ਉਦੋਂ ਵੀ ਅਮਰੀਕਾ ਨੇ ਭਾਰਤ ਨੂੰ ਜਾਂਚ ਵਿੱਚ ਸਹਿਯੋਗ ਕਰਨ ਲਈ ਕਿਹਾ ਸੀ।

# ਨਾਈਜੀਰੀਆ ’ਚ ਪੈਟਰੋਲ ਟੈਂਕਰ ’ਚ ਧਮਾਕਾ, 94 ਮੌਤਾਂ



ਅਬੂਜਾ, 16 ਅਕਤੂਬਰ (ਪੋਸਟ ਬਿਊਰੋ): ਨਾਈਜੀਰੀਆ 'ਚ ਪੈਟਰੋਲ ਟੈਂਕਰ ਪਲਟਣ ਅਤੇ ਫਟਣ ਨਾਲ 90 ਤੋਂ ਵੱਧ ਲੋਕਾਂ ਦੀ ਮੌਤ ਹੋ ਗਈ ਅਤੇ 50 ਹੋਰ ਜ਼ਖਮੀ ਹੋ ਗਏ। ਘਟਨਾ ਉਦੋਂ ਵਾਪਰੀ ਜਦੋਂ ਦਰਜਨਾਂ ਲੋਕ ਤੇਲ ਲੈਣ ਲਈ ਵਾਹਨ ਵੱਲ ਭੱਜੇ। ਪੁਲਸ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ।

ਪੁਲਿਸ ਬੁਲਾਰੇ ਲਾਵਨ ਐਡਮ ਨੇ ਦੱਸਿਆ ਕਿ ਇਹ ਧਮਾਕਾ ਜਿਗਾਵਾ ਰਾਜ ਵਿੱਚ ਅੱਧੀ ਰਾਤ ਤੋਂ ਬਾਅਦ ਹੋਇਆ ਜਦੋਂ ਟੈਂਕਰ ਡਰਾਈਵਰ ਨੇ ਯੂਨੀਵਰਸਿਟੀ ਦੇ ਨੇੜੇ ਇੱਕ ਹਾਈਵੇਅ 'ਤੇ ਵਾਹਨ ਦਾ ਕੰਟਰੋਲ ਗੁਆ ਦਿੱਤਾ। ਐਡਮ ਨੇ ਕਿਹਾ ਕਿ ਨਿਵਾਸੀ ਇੱਕ ਉਲਟੇ ਟੈਂਕਰ ਤੋਂ ਤੇਲ ਕੱਢ ਰਹੇ ਸਨ ਜਦੋਂ ਧਮਾਕਾ ਹੋਇਆ। ਧਮਾਕੇ ਤੋਂ ਬਾਅਦ ਟੈਂਕਰ 'ਚ ਭਿਆਨਕ ਅੱਗ ਲੱਗ ਗਈ ਅਤੇ 94 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

# ਇਟਲੀ ਨੇ ਲਾਈਆਂ ਇਜ਼ਰਾਈਲ ਨੂੰ ਹਥਿਆਰਾਂ ਦੇ ਨਿਰਯਾਤ ’ਤੇ ਸਖ਼ਤ ਪਾਬੰਦੀਆਂ



ਰੋਮ, 16 ਅਕਤੂਬਰ (ਪੋਸਟ ਬਿਊਰੋ): ਇਟਲੀ ਦੀ ਪ੍ਰਧਾਨ ਮੰਤਰੀ ਜੌਰਜੀਆ ਮੇਲੋਨੀ ਨੇ ਕਿਹਾ ਹੈ ਕਿ ਇਟਲੀ ਨੇ ਇਜ਼ਰਾਈਲ ਨੂੰ ਹਥਿਆਰਾਂ ਦੇ ਨਿਰਯਾਤ 'ਤੇ ਸਖ਼ਤ ਪਾਬੰਦੀਆਂ ਲਗਾਈਆਂ ਹਨ। ਮੇਲੋਨੀ ਨੇ ਮੰਗਲਵਾਰ ਨੂੰ ਸੰਸਦ ਵਿਚ ਕਿਹਾ ਕਿ ਗਾਜ਼ਾ ਪੱਟੀ ਵਿੱਚ ਇਜ਼ਰਾਈਲੀ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ, ਸਰਕਾਰ ਨੇ ਇਜ਼ਰਾਈਲ ਨੂੰ ਫੌਜੀ ਸਮੱਗਰੀ ਦੇ ਨਿਰਯਾਤ ਲਈ ਸਾਰੇ ਨਵੇਂ ਲਾਈਸੈਂਸ ਜਾਰੀ ਕਰਨ ਦੀਆਂ ਪ੍ਰਕਿਰਿਆਵਾਂ ਨੂੰ ਤੁਰੰਤ ਮੁਅੱਤਲ ਕਰ ਦਿੱਤਾ ਹੈ। ਇਸ ਤਰ੍ਹਾਂ 7 ਅਕਤੂਬਰ, 2023 ਤੋਂ ਬਾਅਦ ਹਸਤਾਖਰ ਕੀਤੇ ਗਏ ਸਾਰੇ ਇਕਰਾਰਨਾਮੇ ਲਾਗੂ ਨਹੀਂ ਕੀਤੇ ਗਏ ਹਨ। ਉੱਥੇ ਹੀ 7 ਅਕਤੂਬਰ, 2023 ਤੋਂ ਪਹਿਲਾਂ ਜਾਰੀ ਕੀਤੇ ਗਏ ਸਾਰੇ ਨਿਰਯਾਤ ਲਾਈਸੈਂਸਾਂ ਦਾ ਕੇਸ-ਦਰ-ਕੇਸ ਦੇ ਆਧਾਰ 'ਤੇ ਵਿਸ਼ਲੇਸ਼ਣ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਸਾਰੇ ਨਵੇਂ ਨਿਰਯਾਤ ਲਾਈਸੈਂਸਾਂ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾਉਣ ਦੀ ਇਟਲੀ ਦੀ ਸਥਿਤੀ ਫਰਾਂਸ, ਜਰਮਨੀ ਅਤੇ ਬ੍ਰਿਟੇਨ ਦੀ ਤੁਲਨਾ ਵਿਚ ਬਹੁਤ ਸਖ਼ਤ ਹੈ। ਮੇਲੋਨੀ ਨੇ ਕਿਹਾ ਕਿ ਇਟਲੀ 7 ਅਕਤੂਬਰ 2023 ਤੋਂ ਪਹਿਲਾਂ ਜਾਰੀ ਕੀਤੇ ਲਾਈਸੈਂਸਾਂ ਦਾ ਮੁਲਾਂਕਣ ਕਰ ਰਿਹਾ ਹੈ।

# ਜੈਸ਼ੰਕਰ ਨੇ ਪਾਕਿਸਤਾਨ ’ਚ ਕਿਹਾ- ਅੱਤਵਾਦ ਨਾਲ ਵਪਾਰ ਨਹੀਂ



ਇਸਲਾਮਾਬਾਦ, 16 ਅਕਤੂਬਰ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਪਾਕਿਸਤਾਨ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐੱਸਸੀਓ) ਦੀ ਮੀਟਿੰਗ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਅੱਤਵਾਦ ਅਤੇ ਕਾਰੋਬਾਰ ਇਕੱਠੇ ਨਹੀਂ ਚੱਲ ਸਕਦੇ।

ਪਾਕਿਸਤਾਨ-ਚੀਨ ਦਾ ਨਾਂ ਲਏ ਬਿਨ੍ਹਾਂ ਜੈਸ਼ੰਕਰ ਨੇ ਕਿਹਾ ਕਿ ਸਾਰੇ ਦੇਸ਼ਾਂ ਨੂੰ ਇਕ ਦੂਜੇ ਦੀਆਂ ਸਰਹੱਦਾਂ ਦਾ ਸਨਮਾਨ ਕਰਨ ਦੀ ਲੋੜ ਹੈ। ਭਾਰਤੀ ਵਿਦੇਸ਼ ਮੰਤਰੀ ਨੇ ਕਿਹਾ ਕਿ ਜੇਕਰ ਐੱਸ.ਸੀ.ਓ. ਦੇ ਮੈਂਬਰ ਦੇਸ਼ਾਂ ਵਿਚਾਲੇ ਦੋਸਤੀ 'ਚ ਕਮੀ ਆਈ ਹੈ ਅਤੇ ਗੁਆਂਢੀਆਂ ਨਾਲ ਸਬੰਧ ਵਿਗੜ ਗਏ ਹਨ ਤਾਂ ਇਸ 'ਤੇ ਵਿਚਾਰ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਾਡੇ ਵਿਚਕਾਰ ਭਰੋਸੇ ਵਿੱਚ ਕਮੀ ਆਈ ਹੈ ਤਾਂ ਸਾਨੂੰ ਆਪਣੇ ਅੰਦਰ ਝਾਤੀ ਮਾਰਨ ਦੀ ਲੋੜ ਹੈ ਅਤੇ ਇਸ ਦੇ ਕਾਰਨ ਨੂੰ ਸਮਝਣ ਦੀ ਲੋੜ ਹੈ।

ਇਸ ਤੋਂ ਪਹਿਲਾਂ ਐੱਸ.ਸੀ.ਓ. ਦੀ ਬੈਠਕ ਦੀ ਸ਼ੁਰੂਆਤ ਕਰਦੇ ਹੋਏ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਕਿਹਾ ਸੀ ਕਿ ਪਾਕਿਸਤਾਨ ਸ਼ਾਂਤੀ, ਸੁਰੱਖਿਆ ਅਤੇ ਆਰਥਿਕ ਤਰੱਕੀ ਚਾਹੁੰਦਾ ਹੈ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਮੰਗਲਵਾਰ ਰਾਤ ਐੱਸ.ਸੀ.ਓ. ਨੇਤਾਵਾਂ ਲਈ ਰਾਤ ਦੇ ਖਾਣੇ ਦਾ ਆਯੋਜਨ ਕੀਤਾ ਸੀ। ਇੱਥੇ ਪ੍ਰਧਾਨ ਮੰਤਰੀ ਸ਼ਾਹਬਾਜ਼ ਅਤੇ ਜੈਸ਼ੰਕਰ ਦੀ ਮੁਲਾਕਾਤ ਹੋਈ। ਪਾਕਿਸਤਾਨੀ ਪ੍ਰਧਾਨ ਮੰਤਰੀ ਨੇ ਹੱਥ ਮਿਲਾਇਆ। ਪਿਛਲੇ ਸਾਲ, ਗੋਆ ਵਿੱਚ ਇੱਕ ਐੱਸਸੀਓ ਦੀ ਮੀਟਿੰਗ ਵਿੱਚ, ਜੈਸ਼ੰਕਰ ਨੇ ਤਤਕਾਲੀ ਪਾਕਿਸਤਾਨ ਦੇ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਨੂੰ ਨਮਸਤੇ ਕੀਤਾ ਸੀ ਅਤੇ ਹੱਥ ਮਿਲਾਉਣ ਤੋਂ ਪ੍ਰਹੇਜ਼ ਕੀਤਾ ਸੀ

ਰਾਤ ਦੇ ਖਾਣੇ ਤੋਂ ਬਾਅਦ ਐੱਸਸੀਓ ਆਗੂਆਂ ਲਈ ਸੱਭਿਆਚਾਰਕ ਪ੍ਰੋਗਰਾਮ ਵੀ ਹੋਇਆ। ਇਸ ਵਿੱਚ ਇੱਕ ਪਾਕਿਸਤਾਨੀ ਕਲਾਕਾਰ ਨੇ ਭਰਤਨਾਟੀਅਮ ਪੇਸ਼ ਕੀਤਾ। ਇਸ ਦੌਰਾਨ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਚੀਨ ਅਤੇ ਕਜ਼ਾਕਿਸਤਾਨ ਦੇ ਪ੍ਰਧਾਨ ਮੰਤਰੀਆਂ ਨਾਲ ਬੈਠੇ ਨਜ਼ਰ ਆਏ।

# ਮੁੰਬਈ ਦੀ ਇੱਕ 14 ਮੰਜ਼ਿਲਾ ਇਮਾਰਤ ਦੀ 10ਵੀਂ ਮੰਜ਼ਿਲ ਵਿਚ ਲੱਗੀ ਅੱਗ, ਤਿੰਨ ਲੋਕਾਂ ਦੀ ਮੌਤ



ਮੁੰਬਈ, 16 ਅਕਤੂਬਰ (ਪੋਸਟ ਬਿਊਰੋ): ਮੁੰਬਈ ਦੇ 'ਲੋਖੰਡਵਾਲਾ ਕੰਪਲੈਕਸ' 'ਚ ਬੁੱਧਵਾਰ ਸਵੇਰੇ 14 ਮੰਜ਼ਿਲਾ ਰਿਹਾਇਸ਼ੀ ਇਮਾਰਤ 'ਚ ਅੱਗ ਲੱਗਣ ਕਾਰਨ ਤਿੰਨ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਇੱਕ ਸਿਵਲ ਅਧਿਕਾਰੀ ਨੇ ਦੱਸਿਆ ਕਿ ਅੰਧੇਰੀ ਖੇਤਰ 'ਚ 'ਲੋਖੰਡਵਾਲਾ ਕੰਪਲੈਕਸ' ਦੇ 'ਫੋਰਥ ਕਰਾਸ ਰੋਡ' 'ਤੇ ਸਥਿਤ 'ਰਿਆ ਪੈਲੇਸ ਬਿਲਡਿੰਗ' ਦੀ 10ਵੀਂ ਮੰਜ਼ਿਲ 'ਤੇ ਸਥਿਤ ਇਕ ਫਲੈਟ 'ਚ ਸਵੇਰੇ 8 ਵਜੇ ਦੇ ਕਰੀਬ ਅੱਗ ਲੱਗ ਗਈ।

ਇੱਕ ਸਿਵਲ ਅਧਿਕਾਰੀ ਨੇ ਦੱਸਿਆ ਕਿ ਅੱਗ ਦੀ ਘਟਨਾ ਵਿਚ ਜ਼ਖਮੀ ਹੋਏ ਤਿੰਨ ਲੋਕਾਂ ਨੂੰ ਕੂਪਰ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸਿਵਲ ਅਧਿਕਾਰੀਆਂ ਮੁਤਾਬਕ ਮ੍ਰਿਤਕਾਂ ਦੀ ਪਛਾਣ ਚੰਦਰਪ੍ਰਕਾਸ਼ ਸੋਨੀ (74), ਕਾਂਤਾ ਸੋਨੀ (74) ਅਤੇ ਪੇਲੂਬੇਟਾ (42) ਵਜੋਂ ਹੋਈ ਹੈ।

ਫਾਇਰ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਸਵੇਰੇ ਕਰੀਬ 9 ਵਜੇ ਅੱਗ 'ਤੇ ਕਾਬੂ ਪਾ ਲਿਆ ਗਿਆ। ਅਧਿਕਾਰੀ ਨੇ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦਾ ਹਾਲੇ ਪਤਾ ਨਹੀਂ ਲੱਗ ਸਕਿਆ ਹੈ।

# ਇਜ਼ਰਾਈਲੀ ਨੇ ਹਵਾਈ ਹਮਲੇ ਦੌਰਾਨ ਨਬਾਤੀਏਹ ਨੂੰ ਬਣਾਇਆ ਨਿਸ਼ਾਨਾ, ਮੇਅਰ ਅਤੇ ਚਾਰ ਹੋਰ ਲੋਕਾਂ ਦੀ ਮੌਤ



ਕਾਨਾ, 16 ਅਕਤੂਬਰ (ਪੋਸਟ ਬਿਊਰੋ): ਲੇਬਨਾਨ ਦੇ ਅਧਿਕਾਰੀਆਂ ਨੇ ਕਿਹਾ ਹੈ ਕਿ ਨਬਾਤੀਏਹ 'ਚ ਇਜ਼ਰਾਈਲੀ ਹਮਲੇ ਨੇ ਇੱਕ ਇਮਾਰਤ ਨੂੰ ਨਿਸ਼ਾਨਾ ਬਣਾਇਆ ਜਿੱਥੇ ਰਾਹਤ ਕਾਰਜਾਂ ਦੇ ਤਾਲਮੇਲ ਲਈ ਇੱਕ ਮੀਟਿੰਗ ਕੀਤੀ ਜਾ ਰਹੀ ਸੀ। ਲੇਬਨਾਨ ਦੇ ਕਾਰਜਕਾਰੀ ਪ੍ਰਧਾਨ ਮੰਤਰੀ ਨਜੀਬ ਮਿਕਾਤੀ ਨੇ ਇਜ਼ਰਾਈਲ 'ਤੇ ਨਗਰ ਕੌਂਸਲ ਦੀ ਮੀਟਿੰਗ ਨੂੰ ਜਾਣ ਬੁੱਝ ਕੇ ਨਿਸ਼ਾਨਾ ਬਣਾਉਣ ਦਾ ਦੋਸ਼ ਲਗਾਇਆ, ਜੋ ਰਾਹਤ ਯਤਨਾਂ 'ਤੇ ਚਰਚਾ ਕਰਨ ਲਈ ਰੱਖੀ ਗਈ ਸੀ। ਹਮਲੇ 'ਚ ਸ਼ਹਿਰ ਦੇ ਮੇਅਰ ਅਤੇ ਚਾਰ ਹੋਰ ਲੋਕ ਮਾਰੇ ਗਏ ਸਨ ਅਤੇ ਮਿਊਂਸਪਲ ਇਮਾਰਤ ਤਬਾਹ ਹੋ ਗਈ ਸੀ।

ਲੇਬਨਾਨ ਦੇ ਗ੍ਰਹਿ ਮੰਤਰੀ ਬਸਮ ਮੌਲਵੀ ਨੇ ਇੱਕ ਵੱਖਰੇ ਬਿਆਨ 'ਚ ਕਿਹਾ ਕਿ ਇਮਾਰਤ ਨੂੰ ਨਿਸ਼ਾਨਾ ਬਣਾਇਆ ਗਿਆ ਕਿਉਂਕਿ ਦੱਖਣੀ ਲੇਬਨਾਨ 'ਚ ਰਹਿ ਰਹੇ ਲੋਕਾਂ ਨੂੰ ਰਾਹਤ ਸਹਾਇਤਾ ਦੀ ਵੰਡ 'ਚ ਤਾਲਮੇਲ ਕਰਨ ਲਈ ਇੱਕ ਮੀਟਿੰਗ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਇਸ ਹਮਲੇ 'ਚ ਸਿਵਲ ਡਿਫੈਂਸ ਦਾ ਇੱਕ ਮੈਂਬਰ ਮਾਰਿਆ ਗਿਆ ਅਤੇ ਹੋਰ ਜ਼ਖ਼ਮੀ ਹੋ ਗਏ। ਮਿਕਾਤੀ ਨੇ ਇਜ਼ਰਾਈਲੀ ਹਮਲਿਆਂ ਬਾਰੇ ਅੰਤਰਰਾਸ਼ਟਰੀ ਭਾਈਚਾਰੇ 'ਤੇ ਜਾਣਬੁੱਝ ਕੇ ਚੁੱਪ ਰਹਿਣ ਦਾ ਦੋਸ਼ ਲਗਾਇਆ, ਜਿਸ ਵਿਚ ਨਾਗਰਿਕਾਂ ਦੀ ਮੌਤ ਹੋ ਗਈ ਹੈ ਅਤੇ ਸੰਯੁਕਤ ਰਾਸ਼ਟਰ ਸ਼ਾਂਤੀ ਰੱਖਿਅਕਾਂ 'ਤੇ ਹਮਲਾ ਹੋਇਆ ਹੈ। ਉਨ੍ਹਾਂ ਨੇ ਇਕ ਬਿਆਨ ਵਿਚ ਕਿਹਾ ਕਿ ਇਸ ਹਕੀਕਤ ਨੂੰ ਦੇਖਦੇ ਹੋਏ ਕਿਸ ਹੱਲ ਦੀ ਉਮੀਦ ਕੀਤੀ ਜਾ ਸਕਦੀ ਹੈ। ਬਿਨ੍ਹਾਂ ਕੋਈ ਸਬੂਤ ਦਿੱਤੇ ਹਮਲੇ ਦਾ ਨਿਸ਼ਾਨਾ ਹਿਜ਼ਬੁੱਲਾ ਦੇ ਟਿਕਾਣੇ ਸਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਕਾਫ਼ਲੇ ਦੀ ਸਤੰਬਰ ਮਹੀਨੇ ਦੀ ਮੀਟਿੰਗ ਦੌਰਾਨ ਬਹੁਪੱਖੀ ਵਿਸ਼ਿਆਂ ’ਤੇ ਵਿਚਾਰ-ਚਰਚਾ








ਬਰੈਂਪਟਨ, (ਰਛਪਾਲ ਕੌਰ ਗਿੱਲ): "ਪੰਜਾਬੀ ਕਲਮਾਂ ਦਾ ਕਾਫ਼ਲਾ ਟੋਰਾਂਟੋ" ਦੀ ਮੀਟਿੰਗ ਦੌਰਾਨ ਵੱਖ ਵੱਖ ਵਿਸ਼ਿਆਂ ’ਤੇ ਭਰਪੂਰ ਵਿਚਾਰ ਚਰਚਾ ਕੀਤੀ ਗਈ, ਜਿਨ੍ਹਾਂ ਵਿੱਚ ਫ਼ਲਸਤੀਨ ਤੇ ਲੈਬਨਾਨ ਦੇ ਆਮ ਲੋਕਾਂ ਦਾ ਅਣਮਨੁੱਖੀ ਘਾਣ, ਕੇਨੈਡੀਅਨ ਆਦਿਵਾਸੀ ਲੋਕਾਂ ਨਾਲ ਹੋਏ ਦੁਖਾਂਤ ਦਾ ਸੱਚ ਤੇ ਉਸ ’ਤੇ ਮਲ੍ਹਮ ਲਾਉਣ ਲ਼ਈ ਮਨਾਇਆ ਜਾ ਰਿਹਾ ਦਿਵਸ (ਠਰੁਟਹ & ੍ਰਇਚੋਨਚਲਿਇਟੋਨਿ ਧਅੇ) ਬਾਰੇ ਚਰਚਾ ਕੀਤੀ ਗਈ, ਗੁਰਸ਼ਰਨ ਭਾਜੀ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਅਤੇ ਗੁਰਮੀਤ ਸਿੱਧੂ ਦਾ ਗ਼ਜ਼ਲ ਸੰਗ੍ਰਹਿ “ਪਿੰਡ ਤੋਂ ਬ੍ਰਹਿਮੰਡ” ਲੋਕ ਅਰਪਣ ਕੀਤਾ ਗਿਆ।

ਕਾਫ਼ਲੇ ਦੇ ਸਟੇਜ ਸੰਚਾਲਕ ਕੁਲਵਿੰਦਰ ਖਹਿਰਾ ਨੇ ਮੀਟਿੰਗ ਦੇ ਸ਼ੁਰੂ ਵਿੱਚ ਇਜ਼ਰਾਈਲ ਵੱਲੋਂ ਲੈਬਨਾਨ ਉੱਤੇ ਫ਼ਲਸਤੀਨੀ ਹਮਲੇ ਬਾਰੇ ਗੱਲ ਕਰਦਿਆਂ ਕਿਹਾ ਕਿ ਬਹਾਨਾ ਬਣਾ ਕੇ ਜਾਂ ਇੱਕ ਧਿਰ ਨੂੰ ਨਿਸ਼ਾਨਾ ਬਣਾਉਣ ਖ਼ਾਤਰ ਆਮ ਲੋਕਾਂ ਨੂੰ ਮਾਰਿਆ ਜਾਣਾ ਤੇ ਕੈਨੇਡਾ ਅਮਰੀਕਾ ਵਰਗੀਆਂ ਵੱਡੀਆਂ ਧਿਰਾਂ ਦਾ ਚੁੱਪ ਰਹਿਣਾ ਬਹੁਤ ਹੀ ਦੁਖਦਾਈ ਗੱਲ ਹੈ। ਇਹ ਮਨੁੱਖੀ ਅਧਿਕਾਰਾਂ ਦਾ ਮਸਲਾ ਹੈ ਤੇ ਲੇਖਕ ਹੋਣ ਦੇ ਨਾਤੇ ਸਾਨੂੰ ਇਸ ਖਿਲਾਫ਼ ਬੋਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਦੇ ਬਾਬੇ ਨਾਨਕ ਨੇ ਵੀ “ਏਤੀ ਮਾਰ ਪਈ ਕੁਰਲਾਣੈ ਤੈਂ ਕੀ ਦਰਦੁ ਨਾ ਆਇਆ” ਦਾ ਨਾਅਰਾ ਮਾਰਿਆ ਸੀ ਤੇ ਸਾਨੂੰ ਵੀ ਬਾਬੇ ਨਾਨਕ ਦੇ ਵਾਰਿਸ ਬਣਨਾ ਚਾਹੀਦਾ ਹੈ।

ਉਸ ਤੋਂ ਬਾਅਦ ਕੁਲਵਿੰਦਰ ਖਹਿਰਾ ਨੇ ਕੈਨੇਡਾ ਵਿੱਚ ਮਨਾਏ ਜਾ ਰਹੇ “ਠਰੁਟਹ & ੍ਰਇਚੋਨਚਲਿਇਟੋਨਿ ਧਅੇ” ਦੇ ਸਬੰਧ ’ਚ ਬੋਲਦਿਆਂ ਸਲਾਇਡ ਸ਼ੋਅ ਰਾਹੀਂ ਦੱਸਿਆ ਕਿ ਕਿਵੇਂ ਕੈਨੇਡੀਅਨ ਸਰਕਾਰ ਵੱਲੋਂ ਬਹਾਨੇ ਨਾਲ਼ ਆਦਿਵਾਸੀ ਕੈਨੇਡੀਅਨਾਂ ਦੀ ਨਸਲਕੁਸ਼ੀ ਕਰਨ ਲਈ ਲਗਾਤਾਰ 120 ਸਾਲ ਦੇ ਕਰੀਬ ‘ਰੈਜੀਡੈਂਸ਼ਲ ਸਕੂਲ” ਦੇ ਪਰਦੇ ਹੇਠ ਕਹਿਰ ਢਾਹਿਆ ਗਿਆ ਤੇ ਇਸ ਨਮੋਸ਼ੀ ’ਤੇ ਪਰਦਾ ਪਾਉਣ ਲਈ ਪਿਛਲੇ ਸਾਲ ਤੋਂ 30 ਸਤੰਬਰ ਨੂੰ ਠਰੁਟਹ & ੍ਰਇਚੋਨਚਲਿਇਟੋਨਿ ਧਅੇ ਮਨਾਇਆ ਜਾਣਾ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕੈਨੇਡਾ ਦੇ ਆਦਿਵਾਸੀ ਲੋਕਾਂ ਦੇ ਕਲਚਰ ਅਤੇ ਭਾਸ਼ਾ ਨੂੰ ਖ਼ਤਮ ਕਰਨ ਦੇ ਮਨਸੂਬੇ ਨਾਲ ਕੇਨੈਡਾ ਦੇ ਪਹਿਲੇ ਪ੍ਰਧਾਨ ਮੰਤਰੀ ਜੋਹਨ ਏ. ਮੈਕਡੋਨਲਡ ਦੇ ਹੁਕਮਾਂ ਅਨੁਸਾਰ ਰੈਜੀਡੈਂਨਸ਼ਨ ਸਕੂਲਾਂ ਦਾ ਨਿਰਮਾਣ ਕੀਤਾ ਗਿਆ ਤੇ ਕੋਈ ਇੱਕ ਲੱਖ ਪੰਜਾਹ ਹਜ਼ਾਰ ਆਦਿਵਾਸੀ ਬੱਚਿਆਂ ਨੂੰ ਜ਼ਬਰਦਸਤੀ ਉਨ੍ਹਾਂ ਸਕੂਲਾਂ ਵਿੱਚ ਪਾਇਆ ਗਿਆ ਜਿੱਥੇ ਉਨ੍ਹਾਂ ਨੂੰ ਉਨ੍ਹਾਂ ਦੇ ਆਪਣੇ ਪਰਿਵਾਰ, ਧਰਮ, ਸੱਭਿਆਚਾਰ ਅਤੇ ਬੋਲੀ ਨਾਲੋਂ ਤੋੜ ਕੇ ਉਨ੍ਹਾਂ ਨੂੰ ਕੈਥੋਲਿਕ ਧਰਮ, ਅੰਗ੍ਰੇਜ਼ੀ ਭਾਸ਼ਾ ਅਤੇ ਪੱਛਮੀਂ ਸੱਭਿਆਚਾਰ ਦੀ ਸਿੱਖਿਆ ਦਿੱਤੀ ਜਾਂਦੀ ਤੇ ਆਪਣੀ ਭਾਸ਼ਾ ਵਿੱਚ ਗੱਲ ਕਰਨ ’ਤੇ ਬੱਚਿਆਂ ਨੂੰ ਸਜ਼ਾਵਾਂ ਦਿੱਤੀਆਂ ਜਾਂਦੀਆਂ। ਬੱਚਿਆਂ ਦੇ ਵਾਲ ਕੱਟ ਦਿੱਤੇ ਜਾਂਦੇ ਤਾਂ ਕਿ ਉਹ ਹੀਣਭਾਵਨਾ ਮਹਿਸੂਸ ਕਰਨ ਕਿਉਂਕਿ ਆਦਿਵਾਸੀ ਸੱਭਿਆਚਾਰ ਵਿੱਚ ਔਰਤਾਂ ਵਾਲ਼ ਨਹੀਂ ਸਨ ਕੱਟਦੀਆਂ। ਬੱਚਿਆਂ ਦੇ ਨਾਵਾਂ ਨੂੰ ਖਤਮ ਕਰਕੇ ਉਨਾਂ ਨੂੰ ਨੰਬਰਾਂ ਨਾਲ ਬੁਲਾਇਆ ਜਾਂਦਾ, ਬਹੁਤ ਸਾਰੇ ਬੱਚੇ ਮਾਨਸਿਕ ਰੋਗੀ ਬਣੇ ਤੇ ਬਹੁਤ ਸਾਰੇ ਬੱਚਿਆਂ ਨੇ ਖ਼ੁਦਕੁਸ਼ੀ ਕੀਤੀ ਤੇ ਬਹੁਤ ਸਾਰੇ ਬੱਚੇ ਸਦਾ ਲਈ ਗਾਇਬ ਵੀ ਹੋਏ ਜਿਨ੍ਹਾਂ ਦੇ ਕੰਕਾਲ ਕੁਝ ਚਿਰ ਪਹਿਲਾਂ ਉਨ੍ਹਾਂ ਸਕੂਲਾਂ ਦੀਆਂ ਗਰਾਊਂਡਾਂ ਵਿੱਚੋਂ ਮਿ਼ਲੀਆਂ ਸਮੂਹਕ ਕਬਰਾਂ ਵਿੱਚੋਂ ਖੋਦੇ ਗਏ। ਇਹ ਸਕੂਲ ਬੁਰੀ ਤਰ੍ਹਾਂ ਬਦਨਾਮ ਹੋਏ ਤੇ ਅਖੀਰ ਉਹ ਸਕੂਲ ਬੰਦ ਕਰਨੇ ਪਏ ਤੇ ਆਖ਼ਰੀ ਸਕੂਲ 1996 ਵਿੱਚ ਬੰਦ ਕੀਤਾ ਗਿਆ।

ਇਸ ਦੁਖਾਂਤ ਨੂੰ ਪੰਜਾਬ ਨਾ਼ਲ ਜੋੜਦਿਆਂ ਕੁਲਵਿੰਦਰ ਖਹਿਰਾ ਨੇ ਕਿਹਾ ਕਿ ਆਦਿਵਾਸੀ ਬੱਚੇ ਤਾਂ ਜ਼ਬਰਦਸਤੀ ਉਨ੍ਹਾਂ ਸਕੂਲਾਂ ਵਿੱਚ ਭੇਜੇ ਗਏ ਸਨ, ਪਰ ਪੰਜਾਬ ਵਿੱਚ ਮਾਪੇ ਅਗਿਆਨਤਾ ਵੱਸ ਖ਼ੁਦ ਆਪਣੇ ਬੱਚਿਆਂ ਨੂੰ ਉਹਨਾਂ ਸਕੂਲਾਂ ਵਿੱਚ ਭੇਜਦੇ ਹਨ ਜਿੱਥੇ ਉਨ੍ਹਾਂ ਨੂੰ ਉਨ੍ਹਾਂ ਦੀ ਮਾਤ ਭਾਸ਼ਾ ਬੋਲਣ ’ਤੇ ਜੁਰਮਾਨੇ ਕੀਤੇ ਜਾਂਦੇ ਤੇ ਸਜ਼ਾਵਾਂ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸਾਨੂੰ ਕੈਨੇਡਾ ਦੇ ਇਤਿਹਾਸ ਤੋਂ ਸਬਕ ਸਿੱਖਣਾ ਚਾਹੀਦਾ ਹੈ ਤਾਂ ਕਿ ਕਲ੍ਹ ਨੂੰ ਸਾਨੂੰ ਵੀ ਆਪਣੇ ਸੱਭਿਅਚਾਰ ਅਤੇ ਭਾਸ਼ਾ ਤੋਂ ਵਿਰਵੇ ਨਾ ਹੋਣਾ ਪੈ ਜਾਵੇ। ਜਰਨੈਲ ਸਿੰਘ ਕਹਾਣੀਕਾਰ ਨੇ ਆਦਿਵਾਸੀ ਲੋਕਾਂ ਨਾਲ ਹੋਏ ਦੁਖਾਂਤ ਬਾਰੇ ਬਹੁਤ ਸਾਰੀ ਜਾਣਕਾਰੀ ਸਾਂਝੀ ਕੀਤੀ ਤੇ ਕਿਹਾ ਕਿ 11 ਜੂਨ, 2008 ਵਿੱਚ ਕੇਨੈਡਾ ਦੇ ਪ੍ਰਧਾਨ ਮੰਤਰੀ ਸਟੀਵਨ ਹਾਰਪਰ ਨੇ ਇਸ ਦੁਖਾਂਤ ਦੀ ਮਾਫ਼ੀ ਮੰਗੀ। ਇਸੇ ਵਿਸ਼ੇ ਤੇ ਜਸਵਿੰਦਰ ਸੰਧੂ, ਰਛਪਾਲ ਕੌਰ ਗਿੱਲ ਤੇ ਇੰਦਰਦੀਪ ਸਿੰਘ ਨੇ ਆਪਣੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕਿਸੇ ਕੌਮ ਦਾ ਕਲਚਰ, ਭਾਸ਼ਾ ਤੇ ਰੀਤੀ ਰਿਵਾਜ ਖਤਮ ਕਰਨੇ ਬਹੁਤ ਵੱਡੀ ਗੱਲ ਹੁੰਦੀ ਹੈ ਜਿਸ ਨੂੰ ਦੁਬਾਰਾ ਹਾਸਲ ਕਰਦਿਆਂ ਸਦੀਆ ਲੱਗ ਜਾਂਦੀਆਂ ਹਨ। ਉਂਕਾਰਪ੍ਰੀਤ ਦੇ ਗਿਆਰਾਂ ਸਾਲ ਦੇ ਬੇਟੇ, ਮਾਹੀ ਸਿੰਘ ਨੇ ਇੱਕ ਛੋਟੀ ਜਿਹੀ ਕਹਾਣੀ ਰਾਹੀਂ ਬਹੁਤ ਵੱਡਾ ਸੁਨੇਹਾ ਦਿੱਤਾ ਕਿ ਕਿਵੇਂ ਸਕੂਲ ਸਿਸਟਮ ਤੁਹਾਡੀ ਭਾਸ਼ਾ, ਪਹਿਚਾਣ ਤੇ ਪਰਿਵਾਰਿਕ ਕਦਰਾਂ ਕੀਮਤਾਂ ਤੇ ਪ੍ਰਸ਼ਨ ਚਿੰਨ੍ਹ ਲਾ ਕੇ ਬੱਚਿਆਂ ਦੀ ਸੋਚ ਬਦਲ ਸਕਦਾ ਹੈ। ਪਿਆਰਾ ਸਿੰਘ ਕੁਦੋਵਾਲ ਨੇ ਕਿਹਾ ਕਿ ਸਾਨੂੰ ਇਜ਼ਰਾਈਲ ਵੱਲੋਂ ਕੀਤੇ ਹਮਲਿਆਂ ਦੀ ਨਿੰਦਾ ਕਰਨੀ ਚਾਹੀਦੀ ਹੈ ਅਤੇ ਨਾ਼ਲ ਹੀ ਪੰਜਾਬ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੇ ਲਾਉਣ ਤੇ ਮੁਫਤਖੋਰੀ ਵੱਲ ਲਾਏ ਜਾਣ ਦੇ ਮੁੱਦਿਆਂ ਨੂੰ ਗੰਭੀਰਤਾ ਨਾ਼ਲ ਵਿਚਾਰਨਾ ਚਾਹੀਦਾ ਹੈ।

ਭਾਜੀ ਗੁਰਸ਼ਰਨ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਦਿਆ ਓਂਕਾਰਪ੍ਰੀਤ ਤੇ ਕਹਾਣੀਕਾਰ ਜਰਨੈਲ ਸਿੰਘ ਨੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ। ਓਂਕਾਰਪ੍ਰੀਤ ਨੇ ਕਿਹਾ ਕਿ ਭਾਜੀ ਗੁਰਸ਼ਰਨ ਦੀ ਸਾਰੀ ਜ਼ਿੰਦਗੀ ਲੋਕਪੱਖੀ ਕਲਾ ਨੂੰ ਸਮਰਪਿਤ ਸੀ, ਪਿੰਡ ਪਿੰਡ ਜਾ ਕੇ ਉਹਨਾਂ ਨਾਟਕ ਕੀਤੇ ਤੇ ਨੁਕੜ ਨਾਟਕਾਂ ਦੀ ਸ਼ੁਰੂਆਤ ਕੀਤੀ। ਜਦੋਂ ਕੁਝ ਲੋਕਾਂ ਨੇ ਕਿਹਾ ਕਿ ਤੁਸੀਂ ਨਾਟਕਾਂ ਰਾਹੀਂ ਨਾਹਰਾ ਲਾਉਂਦੇ ਹੋ ਤਾਂ ਭਾਜੀ ਗੁਰਸ਼ਰਨ ਸਿੰਘ ਨੇ ਕਿਹਾ ਕਿ ਜੇਕਰ ਕਲਾ ਨੂੰ ਲੋਕਾਂ ਖ਼ਾਤਿਰ ਨਾਹਰਾ ਬਨਣਾ ਪਵੇ ਤਾਂ ਮੈਂ ਨਾਹਰਾ ਲਵਾਂਗਾ। ਇਸੇ ਤਰ੍ਹਾਂ ਜਰਨੈਲ ਸਿੰਘ ਕਹਾਣੀਕਾਰ ਨੇ ਦੱਸਿਆ ਕਿ ਗੁਰਸ਼ਰਨ ਸਿੰਘ ਨੇ 1962 ਵਿੱਚ ਅੰਮ੍ਰਿਤਸਰ ਵਿੱਖੇ ਨਾਟਕ ਕਲਾ ਕੇਂਦਰ ਸਥਾਪਿਤ ਕੀਤਾ। 1969 ਵਿੱਚ ਗੁਰੂ ਨਾਨਕ ਦੇਵ ਜੀ ਦੀ ਪੰਜ ਸੌ ਸਾਲਾ ਜਨਮ ਸ਼ਤਾਬਦੀ ਸਮੇਂ “ਜਿੰਨ ਸੱਚ ਪੱਲੇ ਹੋਇ” ਨਾਟਕ ਖੇਡਿਆ। ਭਾਜੀ ਸਰਕਾਰਾਂ ਤੋਂ ਡਰਨ ਵਾਲੇ ਨਹੀਂ ਸਨ, ਇੱਕ ਵਾਰ ਉਨ੍ਹਾਂ ਨੂੰ ਤਿੰਨ ਮਹੀਨੇ ਦੀ ਸਜ਼ਾ ਵੀ ਹੋਈ ਸੀ। ਦਹਿਸ਼ਤਵਾਦ ਦੇ ਦਿਨਾਂ ਵਿੱਚ ‘ਭਾਈ ਮੰਨਾ ਸਿੰਘ’ ਦੇ ਸਿਰਲੇਖ ਹੇਠ ਲੰਮਾ ਸਮਾਂ ਚੱਲੇ ਟੀਵੀ ਸੀਰੀਅਲ ਤੋਂ ਬਾਅਦ ਭਾਜੀ ਦਾ ਨਾਂ ਹੀ ਭਾਈ ਮੰਨਾ ਸਿੰਘ ਪੈ ਗਿਆ। ਇੱਕ ਵਾਰ ਭਾਜੀ ਨੇ ਲੁਧਿਆਣੇ ਵਿੱਚ ਭਗਤ ਸਿੰਘ ਦੇ ਬੁੱਤ ਲਾਗੇ ਨਾਟਕ ਖੇਡਿਆ ਤੇ ਕਿਹਾ ਕਿ ਰਾਜਗੁਰੂ ਤੇ ਸੁਖਦੇਵ ਦਾ ਬੁੱਤ ਵੀ ਇੱਥੇ ਲਾਇਆ ਜਾਵੇ। ਉਨ੍ਹਾਂ ਕਿਹਾ ਕਿ ਸਾਹਿਬ ਸਿੰਘ ਤੇ ਕੇਵਲ ਧਾਲੀਵਾਲ ਵਰਗੇ ਨਾਮਵਰ ਨਾਟਕਕਾਰ ਗੁਰਸ਼ਰਨ ਭਾਜੀ ਦੇ ਅਸ਼ੀਰਵਾਦ ਨਾ਼ਲ ਹੀ ਪਰਵਾਨ ਚੜ੍ਹੇ ਹਨ।

ਕੁਲਵਿੰਦਰ ਖਹਿਰਾ ਨੇ ਕਿਹਾ ਕਿ ਭਾਜੀ ਨੇ ਪਿੰਡ ਪਿੰਡ ਨਾਟਕ ਕਰਕੇ ਪੰਜਾਬੀਆਂ ਨੂੰ ਨਾਟਕ ਦੀ ਗੁੜ੍ਹਤੀ ਦਿੱਤੀ ਹੈ ਤੇ ਉਨ੍ਹਾਂ ਸਦਕਾ ਹੀ ਪੰਜਾਬੀ ਦਰਸ਼ਕ ਨਾਟਕ ਨਾ਼ਲ ਜੁੜਿਆ ਹੈ।

ਇਸ ਤੋਂ ਬਾਦ ਗੁਰਮੀਤ ਸਿੱਧੂ ਦੀ ਕਿਤਾਬ ,”ਪਿੰਡ ਤੋਂ ਬ੍ਰਹਿਮੰਡ” ਰਲੀਜ਼ ਕੀਤੀ ਗਈ। ਇਸ ਕਿਤਾਬ ਤੇ ਲੇਖਕ ਬਾਰੇ ਬੋਲਦਿਆਂ ਸੁਰਜੀਤ ਕੌਰ ਨੇ ਕਿਹਾ ਕਿ ਇਹ ਗੁਰਮੀਤ ਸਿੱਧੂ ਪਲੇਠਾ ਗ਼ਜ਼ਲ ਸੰਗ੍ਰਹਿ ਹੈ। ਛੋਟੇ ਜਿਹੇ ਪਿੰਡ ਤੋਂ ਹੁੰਦਾ ਹੋਇਆ ਗੁਰਮੀਤ ਸਿੱਧੂ ਆਪਣੀਆਂ ਗ਼ਜ਼ਲਾਂ ਰਾਹੀਂ ਬ੍ਰਹਿਮੰਡ ਦੀ ਯਾਤਰਾ ਕਰਦਾ ਨਜ਼ਰ ਆਇਆ ਹੈ। ਉਸਨੇ ਕ੍ਰਿਸ਼ਨ ਭਨੋਟ ਕੋਲ਼ੋਂ ਅਰੂਜ ਤੇ ਪਿੰਗਲ ਦਾ ਅਧਿਐਨ ਕੀਤਾ। ਨਜ਼ਮਾਂ ਲਿਖਦਾ ਲਿਖਦਾ ਉਹ ਗ਼ਜ਼ਲ ਲਿਖਣ ਲੱਗ ਪਿਆ। ਉਸ ਦੀਆਂ ਗ਼ਜ਼ਲਾਂ ਦੇ ਕੁਝ ਸ਼ਿਅਰ ਵੀ ਸੁਰਜੀਤ ਕੌਰ ਨੇ ਸਾਂਝੇ ਕੀਤੇ। ਪਿਆਰਾ ਸਿੰਘ ਕੁਦੋਵਾਲ ਨੇ ਗੁਰਮੀਤ ਸਿੱਧੂ ਦੀ ਕਿਤਾਬ ਦੀਆਂ ਦੋ ਗ਼ਜ਼ਲਾਂ ਸਾਂਝੀਆਂ ਕੀਤੀਆ।

ਕੁਲਜੀਤ ਮਾਨ ਨੇ ਕਾਫ਼ਲੇ ਦੇ ਪੁਰਾਣੇ ਦਿਨਾਂ ਦੀ ਯਾਦ ਸਾਂਝੀ ਕਰਦਿਆਂ, ਕੁਲਵਿੰਦਰ ਖਹਿਰਾ ਦੀ ਕਾਫ਼ਲੇ ਪ੍ਰਤੀ ਸੁਹਿਰਦਤਾ ਦੀ ਸ਼ਲਾਘਾ ਕੀਤੀ ਤੇ ਤਿਆਰੀ ਅਧੀਨ ‘ਸਿਸ਼ਕਤ ਨਾਰੀ’ ਕਿਤਾਬ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਤੋਂ ਬਾਅਦ ਕਵੀ ਦਰਬਾਰ ਵਿੱਚ ਓਂਕਾਰਪ੍ਰੀਤ, ਸੁਖਚਰਨਜੀਤ ਗਿੱਲ, ਗੁਰਦੇਵ ਚੌਹਾਨ, ਸੁਸ਼ਮਾ ਰਾਣੀ, ਜਸਵਿੰਦਰ ਸੰਧੂ, ਆਤਮਾ ਸਿੰਘ, ਪਰਮਜੀਤ ਦਿਓਲ, ਸੁਰਜੀਤ ਕੌਰ, ਪਿਆਰਾ ਸਿੰਘ ਕੁਦੋਵਾਲ, ਕੁਲਵਿੰਦਰ ਖਹਿਰਾ, ਨਰਦੇਵ ਸਿੰਘ ਤੇ ਹਰਜੋਤ ਕੌਰ ਨੇ ਆਪਣੀਆਂ ਆਪਣੀਆਂ ਨਜ਼ਮਾਂ, ਗ਼ਜ਼ਲਾਂ ਤੇ ਗੀਤਾਂ ਨਾਲ ਹਾਜ਼ਰੀ ਲਵਾਈ। ਇਸ ਤੋਂ ਇਲਾਵਾ ਕ੍ਰਿਪਾਲ ਸਿੰਘ ਪੰਨੂੰ, ਰਾਵੀ ਮਨਹਾਸ, ਡਾ਼ ਗੁਰਚਰਨ ਸਿੰਘ ਤੂਰ, ਰਵਿੰਦਰ ਸਿੰਘ, ਕੁਲਜੀਤ, ਸਿਕੰਦਰ ਸਿੰਘ ਗਿੱਲ, ਗੁਰਪ੍ਰੀਤ ਬਟਾਲਵੀ, ਪ੍ਰਤੀਕ ਸਿੰਘ, ਗੁਰਦੇਵ ਸਿੰਘ ਮਾਨ, ਸੁਰਜੀਤ ਸਿੰਘ ਹਾਂਸ, ਪਰਿਸਪਾਲ ਸਿੰਘ, ਨਾਹਰ ਸਿੰਘ, ਸੁਰਿੰਦਰ ਸਿੰਘ, ਵਿਨੋਦ ਬਾਲੀ, ਸੁਭਾਸ਼ ਚੰਦਰਾ, ਜਸਰਾਜ ਸਿੰਘ, ਵਾਸਦੇਵ ਦੁਰਾਇਆ, ਹੀਰਾ ਲਾਲ ਅਗਨੀਹੋਤਰੀ, ਗੁਰਜਿੰਦਰ ਸੰਘੇੜਾ ਨੇ ਵੀ ਕਾਫ਼ਲੇ ਦੀ ਮੀਟਿੰਗ ਵਿੱਚ ਹਾਜ਼ਰੀ ਦਰਜ ਕਰਵਾਈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Well Settled **Ramgarhia Family** in Winnipeg looking for a suitable match for their son **(Canadian citizenship)**, 33-year-old, 5-10, clean shaved. Currently working in the financing business. **Call at 204-510-7658 or 204-979-0021.**

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਉਮਰ ਅਬਦੁੱਲਾ ਨੇ ਕੇਂਦਰੀ ਸ਼ਾਸਤ ਪ੍ਰਦੇਸ਼ ਜੰਮੂ ਅਤੇ ਕਸ਼ਮੀਰ ਦੇ ਮੁੱਖ ਮੰਤਰੀ ਵਜੋਂ ਚੁੱਕੀ ਸਹੁੰ

ਸ੍ਰੀਨਗਰ, 16 ਅਕਤੂਬਰ (ਪੋਸਟ ਬਿਊਰੋ): ਨੈਸ਼ਨਲ ਕਾਨਫਰੰਸ (ਐੱਨ.ਸੀ.) ਦੇ ਉਮਰ ਅਬਦੁੱਲਾ ਨੇ ਬੁੱਧਵਾਰ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਜੰਮੂ-ਕਸ਼ਮੀਰ ਦੇ ਪਹਿਲੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ। 2019 ਵਿੱਚ ਧਾਰਾ 370 ਨੂੰ ਖਤਮ ਕਰਨ ਤੋਂ ਬਾਅਦ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਇਹ ਪਹਿਲੀ ਚੁਣੀ ਗਈ ਸਰਕਾਰ ਹੈ।

ਉਪ ਰਾਜਪਾਲ ਮਨੋਜ ਸਿਨਹਾ ਨੇ ਅਬਦੁੱਲਾ ਨੂੰ ਮੁੱਖ ਮੰਤਰੀ ਅਹੁਦੇ ਦੀ ਸਹੁੰ ਚੁਕਾਈ। ਅਬਦੁੱਲਾ ਦੂਜੀ ਵਾਰ ਮੁੱਖ ਮੰਤਰੀ ਬਣੇ ਹਨ ਅਤੇ ਆਪਣੇ ਦਾਦਾ ਸ਼ੇਖ ਅਬਦੁੱਲਾ ਅਤੇ ਪਿਤਾ ਫਾਰੂਕ ਅਬਦੁੱਲਾ ਤੋਂ ਬਾਅਦ ਇਹ ਅਹੁਦਾ ਸੰਭਾਲਣ ਵਾਲੇ ਅਬਦੁੱਲਾ ਪਰਿਵਾਰ ਦੀ ਤੀਜੀ ਪੀੜ੍ਹੀ ਹੈ।



ਅਬਦੁੱਲਾ ਦੇ ਨਾਲ-ਨਾਲ ਪੰਜ ਮੰਤਰੀਆਂ ਸਕੀਨਾ ਮਸੂਦ, ਜਾਵੇਦ ਡਾਰ, ਜਾਵੇਦ ਰਾਣਾ, ਸੁਰਿੰਦਰ ਚੌਧਰੀ ਅਤੇ ਸਤੀਸ਼ ਸ਼ਰਮਾ ਨੇ ਵੀ ਅਹੁਦੇ ਦੀ ਸਹੁੰ ਚੁੱਕੀ। ਇਟੂ ਅਤੇ ਡਾਰ ਕਸ਼ਮੀਰ ਘਾਟੀ ਦੇ ਹਨ ਜਦਕਿ ਰਾਣਾ ਚੌਧਰੀ ਅਤੇ ਸ਼ਰਮਾ ਜੰਮੂ ਖੇਤਰ ਦੇ ਹਨ।

ਜੰਮੂ-ਕਸ਼ਮੀਰ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੁਖੀ ਤਾਰਿਕ ਹਮੀਦ ਕਾਰਾ ਨੇ ਕਿਹਾ ਕਿ ਕਾਂਗਰਸ ਫਿਲਹਾਲ ਜੰਮੂ-ਕਸ਼ਮੀਰ ਦੇ ਮੰਤਰੀ ਮੰਡਲ 'ਚ ਸ਼ਾਮਿਲ ਨਹੀਂ ਹੋਵੇਗੀ ਕਿਉਂਕਿ ਉਹ ਰਾਜ ਦਾ ਦਰਜਾ ਨਾ ਮਿਲਣ ਤੋਂ ਨਾਖੁਸ਼ ਹੈ।

ਉਮਰ ਦੇ ਸਹੁੰ ਚੁੱਕ ਸਮਾਗਮ 'ਚ ਵਿਰੋਧੀ ਪਾਰਟੀਆਂ ਦੇ 'ਇੰਡੀਆ' ਗਠਜੋੜ ਦੇ ਲਗਭਗ ਸਾਰੇ ਨੇਤਾਵਾਂ ਨੇ ਸ਼ਿਰਕਤ ਕੀਤੀ। ਸ਼ੇਰ-ਏ-ਕਸ਼ਮੀਰ ਇੰਟਰਨੈਸ਼ਨਲ ਕਾਨਫਰੰਸ ਸੈਂਟਰ (ਐੱਸ.ਕੇ.ਆਈ.ਸੀ.ਸੀ.) 'ਚ ਆਯੋਜਿਤ ਸਹੁੰ ਚੁੱਕ ਸਮਾਰੋਹ 'ਚ ਹਿੱਸਾ ਲੈਣ ਪਹੁੰਚੇ ਨੇਤਾਵਾਂ 'ਚ ਕਾਂਗਰਸ ਨੇਤਾ ਰਾਹੁਲ ਗਾਂਧੀ, ਮਲਿਕਾਅਰਜੁਨ ਖੜਗੇ, ਸਮਾਜਵਾਦੀ ਪਾਰਟੀ (ਸਪਾ) ਦੇ ਅਖਿਲੇਸ਼ ਯਾਦਵ, ਖੱਬੇ ਪੱਖੀ ਨੇਤਾ ਪ੍ਰਕਾਸ਼ ਕਰਤ, ਡੀ. ਰਾਜਾ ਦ੍ਰਵਿੜ ਮੁਨੇਤਰ ਕੜਗਮ (ਡੀਐਮਕੇ) ਦੀ ਕਨੀਮੋਝੀ, ਰਾਸ਼ਟਰਵਾਦੀ ਕਾਂਗਰਸ ਪਾਰਟੀ (ਐੱਸਪੀ) ਦੀ ਸੁਪ੍ਰਿਆ ਸੁਲੇ ਅਤੇ ਪੀਪਲਜ਼ ਡੈਮੋਕਰੇਟਿਕ ਪਾਰਟੀ (ਪੀਡੀਪੀ) ਦੀ ਮੁਖੀ ਮਹਿਬੂਬਾ ਮੁਫਤੀ ਸ਼ਾਮਿਲ ਸਨ।

ਇਸ ਮੌਕੇ ਉਮਰ ਅਬਦੁੱਲਾ ਦੇ ਪਰਿਵਾਰਕ ਮੈਂਬਰ ਮੌਜੂਦ ਸਨ ਜਿਨ੍ਹਾਂ ਵਿੱਚ ਉਨ੍ਹਾਂ ਦੇ ਪਿਤਾ ਫਾਰੂਕ ਅਬਦੁੱਲਾ, ਮਾਂ ਮੌਲੀ ਅਬਦੁੱਲਾ, ਉਨ੍ਹਾਂ ਦੀਆਂ ਦੋ ਭੈਣਾਂ ਅਤੇ ਦੋ ਪੁੱਤਰ ਸ਼ਾਮਿਲ ਸਨ।

# ਗਾਜ਼ੀਆਬਾਦ 'ਚ ਨੌਕਰਾਣੀ ਨੇ ਟਾਇਲਟ ਨਾਲ ਆਟਾ ਗੁੰਨ੍ਹ ਕੇ ਬਣਾਈਆਂ ਰੋਟੀਆਂ, ਕਾਰੋਬਾਰੀ ਦਾ ਪੂਰਾ ਪਰਿਵਾਰ ਬੀਮਾਰ

ਗਾਜ਼ੀਆਬਾਦ, 16 ਅਕਤੂਬਰ (ਪੋਸਟ ਬਿਊਰੋ): ਗਾਜ਼ੀਆਬਾਦ ਵਿੱਚ ਇੱਕ ਵਪਾਰੀ ਦੀ ਰਸੋਈ ਵਿੱਚ ਇੱਕ ਨੌਕਰਾਣੀ ਨੂੰ ਟਾਇਲਟ ਕਰਦੇ ਹੋਏ ਫੜ੍ਹਿਆ ਗਿਆ। ਉਹ ਭਾਂਡਿਆਂ ਵਿੱਚ ਟਾਇਲਟ ਕਰਦੀ ਸੀ। ਦੋਸ਼ ਹੈ ਕਿ ਇਸ ਤੋਂ ਬਾਅਦ ਉਸ ਨੇ ਖਾਣਾ ਬਣਾਉਣ ਲਈ ਇਸ ਦੀ ਵਰਤੋਂ ਕੀਤੀ।



ਕਾਰੋਬਾਰੀ ਦਾ ਪੂਰਾ ਪਰਿਵਾਰ ਬੀਮਾਰ ਹੋਣ ਲੱਗਾ। ਜਦੋਂ ਉਨ੍ਹਾਂ ਨੂੰ ਸ਼ੱਕ ਹੋਇਆ ਤਾਂ ਕਾਰੋਬਾਰੀ ਦੀ ਪਤਨੀ ਨੇ ਚੁੱਪਚਾਪ ਮੋਬਾਈਲ ਕੈਮਰੇ ਦੀ ਸਵਿੱਚ ਆਨ ਕਰਕੇ ਰਸੋਈ ਵਿੱਚ ਰੱਖ ਦਿੱਤੀ। ਇਸ ਵਿੱਚ ਉਹ ਇੱਕ ਭਾਂਡੇ ਵਿੱਚ ਸ਼ੌਚ ਕਰਦੀ ਫੜ੍ਹੀ ਗਈ ਸੀ।

ਪਤਨੀ ਨੇ ਪੁਲਿਸ ਨੂੰ ਸ਼ਿਕਾਇਤ ਕੀਤੀ। ਨੌਕਰਾਣੀ ਨੂੰ ਹਿਰਾਸਤ ਵਿਚ ਲੈ ਲਿਆ ਗਿਆ ਹੈ। ਉਸ ਨੇ ਅਜਿਹਾ ਕਿਉਂ ਕੀਤਾ ਹਾਲੇ ਤੱਕ ਸਪੱਸ਼ਟ ਨਹੀਂ ਹੋਇਆ ਹੈ। ਪੁਲਿਸ ਨੇ ਔਰਤ ਖਿਲਾਫ ਛੂਤ ਦੀ ਬੀਮਾਰੀ ਫੈਲਾਉਣ ਦੀ ਧਾਰਾ ਤਹਿਤ ਮਾਮਲਾ ਦਰਜ ਕਰ ਲਿਆ ਹੈ।

ਮਾਮਲਾ ਕ੍ਰਾਸਿੰਗ ਰਿਪਬਲਿਕ ਥਾਣਾ ਖੇਤਰ ਦੀ ਸੁਸਾਇਟੀ ਨਾਲ ਸਬੰਧਤ ਹੈ। ਰੀਅਲ ਅਸਟੇਟ ਕਾਰੋਬਾਰੀ ਆਪਣੇ ਪਰਿਵਾਰਾਂ ਨਾਲ ਇੱਥੇ ਰਹਿੰਦੇ ਹਨ। ਉਸ ਦੀ ਪਤਨੀ ਨੇ ਐੱਫਆਈਆਰ ਵਿੱਚ ਲਿਖਿਆ ਕਿ ਮਹਿਲਾ ਪਿਛਲੇ 8 ਸਾਲਾਂ ਤੋਂ ਘਰ ਵਿੱਚ ਖਾਣਾ ਬਣਾ ਰਹੀ ਹੈ, ਸਾਡਾ ਪਰਿਵਾਰ ਕਈ ਮਹੀਨਿਆਂ ਤੋਂ ਵਾਰ-ਵਾਰ ਬੀਮਾਰ ਹੋ ਰਿਹਾ ਸੀ।

ਇਲਾਜ ਕਰਵਾਉਣ ਤੋਂ ਬਾਅਦ ਵੀ ਕੋਈ ਰਾਹਤ ਨਹੀਂ ਮਿਲੀ। ਕਈ ਵਾਰ ਮੈਨੂੰ ਰਸੋਈ ਵਿੱਚੋਂ ਟਾਇਲਟ ਦੀ ਬਦਬੂ ਆਉਂਦੀ ਸੀ। ਜਦੋਂ ਮੈਨੂੰ ਸ਼ੱਕ ਹੋਇਆ ਤਾਂ ਮੈਂ 14 ਅਕਤੂਬਰ ਨੂੰ ਮੋਬਾਈਲ ਕੈਮਰੇ ਦੀ ਵੀਡੀਓ ਰਿਕਾਰਡਿੰਗ ਨੂੰ ਚਾਲੂ ਕੀਤਾ ਅਤੇ ਰਸੋਈ ਵਿੱਚ ਲੁਕਾ ਦਿੱਤਾ। ਘਰੇਲੂ ਨੌਕਰ ਦੇ ਜਾਣ ਤੋਂ ਬਾਅਦ, ਮੈਂ ਰਿਕਾਰਡਿੰਗ ਦੀ ਜਾਂਚ ਕੀਤੀ ਅਤੇ ਮੇਰਾ ਸ਼ੱਕ ਸਹੀ ਨਿਕਲਿਆ। ਉਹ ਰਸੋਈ ਦੇ ਬਰਤਨ ਵਿੱਚ ਸ਼ੌਚ ਕਰਦੀ ਪਾਈ ਗਈ।

ਇਸ ਤੋਂ ਬਾਅਦ ਉਸੇ ਟਾਇਲਟ ਤੋਂ ਰੋਟੀਆਂ ਬਣਾਈਆਂ ਜਾਂਦੀਆਂ ਸਨ। ਮੈਨੂੰ ਸ਼ੱਕ ਹੈ ਕਿ ਇਹ ਲੰਬੇ ਸਮੇਂ ਤੋਂ ਚੱਲ ਰਿਹਾ ਹੈ ਅਤੇ ਇਹੀ ਕਾਰਨ ਹੈ ਕਿ ਮੇਰਾ ਪਰਿਵਾਰ ਲਗਾਤਾਰ ਬੀਮਾਰ ਰਹਿੰਦਾ ਹੈ। ਜਦੋਂ ਅਸੀਂ ਨੌਕਰਾਣੀ ਨੂੰ ਪੁੱਛਿਆ ਤਾਂ ਉਹ ਤੁਰੰਤ ਘਰੋਂ ਭੱਜ ਗਈ।

ਪੁਲਿਸ ਨੇ ਦੋਸ਼ੀ ਔਰਤ ਨੂੰ ਹਿਰਾਸਤ 'ਚ ਲੈ ਲਿਆ ਹੈ। ਮੁੱਢਲੀ ਪੁੱਛਗਿੱਛ ਦੌਰਾਨ ਉਸ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ। ਪੁਲਿਸ ਨੇ ਜਦੋਂ ਉਸ ਨੂੰ ਵੀਡੀਓ ਰਿਕਾਰਡਿੰਗ ਦਿਖਾਈ ਤਾਂ ਉਹ ਕੁਝ ਨਹੀਂ ਕਹਿ ਸਕੀ। ਫਿਲਹਾਲ ਪੁਲਿਸ ਇਸ ਗੱਲ ਦਾ ਪਤਾ ਲਗਾ ਰਹੀ ਹੈ ਕਿ ਉਹ ਅਜਿਹਾ ਕਿਉਂ ਕਰ ਰਹੀ ਸੀ।

# ਗ੍ਰਾਮ ਪੰਚਾਇਤ ਚੋਣਾਂ ਵਿੱਚ 77% ਮਤਦਾਨ ਦਰਜ ਕੀਤਾ ਗਿਆ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਡਿਪਟੀ ਕਮਿਸ਼ਨਰ ਕਮ ਜ਼ਿਲ੍ਹਾ ਚੋਣ ਅਫ਼ਸਰਾਂ ਤੋਂ ਪ੍ਰਾਪਤ ਅੰਕੜਿਆਂ ਅਨੁਸਾਰ ਗ੍ਰਾਮ ਪੰਚਾਇਤ ਚੋਣਾਂ 2024 ਵਿੱਚ ਰਾਜ ਭਰ ਵਿੱਚ 77% ਮਤਦਾਨ ਦਰਜ ਕੀਤਾ ਗਿਆ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਮਾਨਸਾ ਜ਼ਿਲ੍ਹਾ 83.27 ਫੀਸਦੀ ਵੋਟਾਂ ਨਾਲ ਪਹਿਲੇ ਸਥਾਨ ਤੇ ਰਿਹਾ ਅਤੇ ਤਰਨਤਾਰਨ 64.40 ਫੀਸਦੀ ਵੋਟਾਂ ਨਾਲ ਸਭ ਤੋਂ ਹੇਠਲੇ ਸਥਾਨ 'ਤੇ ਰਿਹਾ ਹੈ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿੱਚ 68.12%, ਬਠਿੰਡਾ ਵਿੱਚ 79.43%, ਬਰਨਾਲਾ ਵਿੱਚ 75.21%, ਫ਼ਤਹਿਗੜ੍ਹ ਸਾਹਿਬ ਵਿੱਚ 78.47%, ਫ਼ਰੀਦਕੋਟ ਵਿੱਚ 70.21%, ਫ਼ਿਰੋਜ਼ਪੁਰ ਵਿੱਚ 75.14%, ਫ਼ਾਜ਼ਿਲਕਾ ਵਿੱਚ 82.31%, ਗੁਰਦਾਸਪੁਰ ਵਿੱਚ 69%, ਹੁਸ਼ਿਆਰਪੁਰ ਵਿੱਚ 69.78% ਅਤੇ ਜਲੰਧਰ ਵਿੱਚ 66.30% ਮਤਦਾਨ ਦਰਜ ਕੀਤਾ ਗਿਆ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਕਪੂਰਥਲਾ ਵਿੱਚ 66.14%, ਲੁਧਿਆਣਾ ਵਿੱਚ 67.1%, ਮਲੇਰਕੋਟਲਾ ਵਿੱਚ 77.22%, ਮੋਗਾ ਵਿੱਚ 69.91%, ਐਸ.ਏ.ਐਸ.ਨਗਰ ਵਿੱਚ 76.93%, ਸ੍ਰੀ ਮੁਕਤਸਰ ਸਾਹਿਬ ਵਿੱਚ 78.27%, ਐੱਸ. ਬੀ.ਐੱਸ. ਨਗਰ ਵਿੱਚ 69.52%, ਪਟਿਆਲਾ ਵਿੱਚ 73.57%, ਪਠਾਨਕੋਟ ਵਿੱਚ 79.20%, ਰੋਪੜ ਵਿੱਚ 77% ਅਤੇ ਸੰਗਰੂਰ ਵਿੱਚ 79.45% ਮਤਦਾਨ ਦਰਜ ਕੀਤਾ ਗਿਆ ਹੈ।

# ਪਰਾਲੀ ਨੂੰ ਲੈ ਕੇ ਸੁਪਰੀਮ ਕੋਰਟ 'ਚ ਸੁਣਵਾਈ, ਪੰਜਾਬ ਤੇ ਹਰਿਆਣਾ ਨੂੰ ਫਟਕਾਰ

ਨਵੀਂ ਦਿੱਲੀ, 16 ਅਕਤੂਬਰ (ਪੋਸਟ ਬਿਊਰੋ): ਪੰਜਾਬ ਅਤੇ ਹਰਿਆਣਾ ਵਿੱਚ ਪਰਾਲੀ ਸਾੜਨ ਨੂੰ ਲੈ ਕੇ ਸੁਪਰੀਮ ਕੋਰਟ ਵਿੱਚ ਸੁਣਵਾਈ ਹੋਈ ਹੈ। ਇਸ ਦੌਰਾਨ ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਨੂੰ ਫਟਕਾਰ ਲਗਾਈ ਹੈ। ਪਟੀਸ਼ਨਕਰਤਾ ਦੇ ਵਕੀਲ ਐੱਚਐੱਸ ਫੂਲਕਾ ਦਾ ਕਹਿਣਾ ਹੈ ਕਿ ਖੇਤੀਬਾੜੀ ਯੂਨੀਵਰਸਿਟੀ ਨੇ ਇਕ ਮਸ਼ੀਨ ਤਿਆਰ ਕੀਤੀ ਹੈ ਅਤੇ ਉਸ ਦਾ ਟ੍ਰਾਇਲ ਵੀ ਸਫਲ ਰਿਹਾ ਹੈ ਪਰ ਉਸ ਮਸ਼ੀਨ ਨੂੰ ਉਤਸ਼ਾਹਿਤ ਨਹੀਂ ਕੀਤਾ ਗਿਆ ਹੈ।



ਸੁਪਰੀਮ ਕੋਰਟ ਨੇ ਪੰਜਾਬ ਐੱਗਰੀਕਲਚਰ ਯੂਨੀਵਰਸਿਟੀ ਵੱਲੋਂ ਤਿਆਰ ਕੀਤੀ ਗਈ ਸਸਤੀ ਮਸ਼ੀਨ ਵੱਲ ਨਾ ਧਿਆਨ ਦੇਣ ਕਰਕੇ ਪੰਜਾਬ ਸਰਕਾਰ ਤੋਂ ਜਵਾਬ ਮੰਗਿਆ ਹੈ। ਕੋਰਟ ਦਾ ਕਹਿਣਾ ਹੈ ਕਿ ਆਯੋਗ ਦਾ ਕੋਈ ਵੀ ਮੈਂਬਰ ਹਵਾ ਪ੍ਰਦੂਸ਼ਣ ਨਾਲ ਇੱਕਲਾ ਨਹੀਂ ਨਿਪਟ ਸਕਦਾ ਹੈ ਇਸ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ।

ਸੁਪਰੀਮ ਕੋਰਟ ਦਾ ਕਹਿਣਾ ਹੈ ਕਿ ਪਿਛਲੇ ਸਾਲਾਂ ਵਿੱਚ ਪਰਾਲੀ ਨੂੰ ਨਿਪਟਾਉਣ ਲਈ ਕਮੇਟੀ ਦਾ ਗਠਨ ਹੋਇਆ ਸੀ ਪਰ ਐਕਸ਼ਨ ਸਿਰਫ ਕਾਗਜ਼ਾਂ ਵਿੱਚ ਹੀ ਨਿਪਟ ਕੇ ਰਹਿ ਗਏ ਹਨ। ਪਰਾਲੀ ਮਾਮਲੇ ਨੂੰ ਲੈ ਕੇ ਅਗਲੀ ਸੁਣਵਾਈ ਬੁੱਧਵਾਰ ਨੂੰ ਹੋਵੇਗੀ।

ਇਸ ਮੌਕੇ ਵਕੀਲ ਐਚਐਸ ਫੂਲਕਾ ਦਾ ਕਹਿਣਾ ਹੈ ਕਿ ਪੰਜਾਬ ਐਗਰੀਕਲਚ ਯੂਨੀਵਰਸਿਟੀ ਵੱਲੋਂ ਘੱਟ ਖਰਚੇ ਉੱਤੇ ਸੀਡਰ ਨਾਲ ਵਧੀਆ ਮਸ਼ੀਨ ਤਿਆਰ ਕੀਤੀ ਹੈ ਜੋ ਪਰਾਲੀ ਨੂੰ ਬਾਰੀਕ ਕਰ ਦਿੰਦੀ ਹੈ ਜਿਸ ਨਾਲ ਖਾਦ ਦਾ ਕੰਮ ਕਰਦੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਪਰਾਲੀ ਮਾਮਲੇ ਵਿੱਚ ਅਗਲੀ ਸੁਣਵਾਈ ਬੁੱਧਵਾਰ ਨੂੰ ਹੋਵੇਗੀ।




# ਪ੍ਰਗਤੀਸ਼ੀਲ ਤੇ ਖ਼ੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਭਗਵਾਨ ਵਾਲਮੀਕਿ ਜੀ ਦੇ ਨਕਸ਼ੇ-ਕਦਮ 'ਤੇ ਚੱਲੋ : ਮੁੱਖ ਮੰਤਰੀ ਦੀ ਲੋਕਾਂ ਨੂੰ ਅਪੀਲ

## 'ਕਰੁਨਾ ਸਾਗਰ' ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ ਜਲੰਧਰ ਵਿੱਚ ਸ਼ੋਭਾ ਯਾਤਰਾ ਵਿੱਚ ਕੀਤੀ ਸ਼ਿਰਕਤ

ਜਲੰਧਰ, 16 ਅਕਤੂਬਰ (ਪੋਸਟ ਬਿਊਰੋ): 'ਕਰੁਨਾ ਸਾਗਰ' ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਦੇ ਸ਼ੁਭ ਮੌਕੇ ਉਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪ੍ਰਗਤੀਸ਼ੀਲ ਤੇ ਖ਼ੁਸ਼ਹਾਲ ਪੰਜਾਬ ਬਣਾਉਣ ਲਈ ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਦੇ ਨਕਸ਼ੇ-ਕਦਮ ਉਤੇ ਚੱਲਣ ਦੀ ਅਪੀਲ ਕੀਤੀ।



ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਸੰਸਕ੍ਰਿਤ ਭਾਸ਼ਾ ਦੇ ਪਿਤਾਮਾ ਸਨ ਅਤੇ ਉਹ ਵਿਸ਼ਵ ਦੇ ਆਦਿ ਕਵੀ ਹਨ, ਜਿਨ੍ਹਾਂ ਆਪਣੀ ਅਮਰ ਤੇ ਮਹਾਨ ਰਚਨਾ 'ਰਾਮਾਇਣ' ਰਾਹੀਂ ਬਦੀ ਉਤੇ ਨੇਕੀ ਦੀ ਜਿੱਤ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਇਹ ਮਹਾਨ ਮਹਾਂਕਾਵਿ ਸਦੀਆਂ ਤੋਂ ਲੋਕਾਂ ਨੂੰ ਜੀਵਨ ਜਾਚ ਸਿਖਾ ਰਿਹਾ ਹੈ ਅਤੇ ਲੋਕਾਂ ਲਈ ਨੈਤਿਕ ਕਦਰਾਂ-ਕੀਮਤਾਂ ਪੱਖੋਂ ਚਾਨਣ ਮੁਨਾਰਾ ਹੈ, ਜੋ ਅਜੋਕੇ ਪਦਾਰਥਵਾਦੀ ਸਮਾਜ ਵਿੱਚ ਜ਼ਿਆਦਾ ਪ੍ਰਸੰਗਿਕ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਮਹਾਰਾਜ ਨੇ ਸਮਾਜ ਵਿੱਚ ਬਰਾਬਰੀ ਦੇ ਨਾਲ-ਨਾਲ ਸੂਬੇ ਜਾਂ ਸਮਾਜ ਨੂੰ ਆਦਰਸ਼ ਬਣਾਉਣ ਲਈ ਇਕ ਆਦਰਸ਼ ਵਿਅਕਤੀ, ਆਦਰਸ਼ ਸ਼ਾਸਕ ਅਤੇ ਆਦਰਸ਼ ਲੋਕਾਈ ਨੂੰ ਕਿਹੜੀਆਂ ਕਦਰਾਂ-ਕੀਮਤਾਂ ਉਤੇ ਚੱਲਣਾ ਚਾਹੀਦਾ ਹੈ, ਉਸ ਦਾ ਵਰਣਨ ਕੀਤਾ ਹੈ।

ਸਮਾਜ ਦੀ ਸੱਭਿਆਚਾਰਕ ਵਿਰਾਸਤ ਵਿੱਚ ਭਗਵਾਨ ਵਾਲਮੀਕਿ ਜੀ ਦੇ ਲਾਮਿਸਾਲ ਯੋਗਦਾਨ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਹਾਰਿਸ਼ੀ ਵਾਲਮੀਕਿ ਜੀ ਵੱਲੋਂ ਦਿਖਾਏ ਰਾਹ ਅਤੇ ਉੱਚ ਆਦਰਸ਼ਾਂ ਉਤੇ ਚੱਲਣ ਤਾਂ ਜੋ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਹੋ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੁਆਰਾ ਰਚਿਤ ਮਹਾਨ ਮਹਾਂਕਾਵਿ ਰਾਮਾਇਣ ਸਦੀਆਂ ਤੋਂ ਮਨੁੱਖਤਾ ਨੂੰ ਸੱਚ ਤੇ ਆਦਰਸ਼ ਕਦਰਾਂ-ਕੀਮਤਾਂ ਸਿਖਾ ਰਿਹਾ ਹੈ। ਭਵਿੱਖੀ ਨਸਲਾਂ ਲਈ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸੰਭਾਲੀ ਰੱਖਣ ਲਈ ਸੂਬਾ ਸਰਕਾਰ ਦਾ ਫ਼ਰਜ਼ ਦੁਹਰਾਉਂਦਿਆਂ ਉਨ੍ਹਾਂ ਕਿਹਾ ਕਿ ਜਿਹੜੇ ਦੇਸ਼ ਆਪਣੇ ਸੱਭਿਆਚਾਰ ਤੇ ਵਿਰਾਸਤ ਨੂੰ ਭੁੱਲ ਜਾਂਦੇ ਹਨ, ਉਹ ਸਮਾਂ ਬੀਤਣ ਨਾਲ ਖ਼ਤਮ ਹੋ ਜਾਂਦੇ ਹਨ।

ਲੋਕਾਂ ਨੂੰ ਭਗਵਾਨ ਵਾਲਮੀਕਿ ਜੀ ਵੱਲੋਂ ਦਿਖਾਏ ਰਾਹ ਤੇ ਉੱਚ ਆਦਰਸ਼ਾਂ ਉਤੇ ਚੱਲਣ ਦਾ ਹੋਕਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਖ਼ੁਸ਼ਹਾਲ ਪੰਜਾਬ ਬਣਾਉਣ ਲਈ ਇਹ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੀ ਬਖ਼ਸ਼ਿਸ਼ ਪ੍ਰਾਪਤ ਪੰਜਾਬ ਦੀ ਧਰਤੀ ਉਤੇ ਆਪਣੇ ਆਸ਼ਰਮ ਵਿੱਚ ਉਨ੍ਹਾਂ ਸ੍ਰੀ ਰਾਮ ਚੰਦਰ ਜੀ ਦੇ ਪੁੱਤਰਾਂ ਲਵ ਤੇ ਕੁਸ਼ ਨੂੰ ਸਿਖਲਾਈ ਦਿੱਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਦੇ ਜੀਵਨ ਤੇ ਫਲਸਫ਼ੇ ਬਾਰੇ ਲੋਕਾਈ ਨੂੰ ਜਾਣੂੰ ਕਰਵਾਉਣ ਲਈ ਸੂਬਾ ਸਰਕਾਰ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਪਵਿੱਤਰ ਰਾਮਾਇਣ ਵਿੱਚ ਭਗਵਾਨ ਵਾਲਮੀਕਿ ਜੀ ਵੱਲੋਂ ਦਰਸਾਈਆਂ ਸਿੱਖਿਆਵਾਂ ਦੀ ਅਹਿਮੀਅਤ ਦੀ ਨਿਸ਼ਾਨਦੇਹੀ ਕਰਦਿਆਂ ਮੁੱਖ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੱਚ ਤੇ ਨੈਤਿਕ ਕਦਰਾਂ-ਕੀਮਤਾਂ ਉਤੇ ਚੱਲਣ ਦਾ ਰਾਹ ਅਪਨਾਉਣ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਇਹ ਪਵਿੱਤਰ ਮੌਕਾ ਭਾਈਚਾਰਕ ਸਾਂਝ, ਫਿਰਕੂ ਸਦਭਾਵਨਾ ਅਤੇ ਅਮਨ ਨਾਲ ਮਨਾਉਣਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ ਹੋਈ ਇਸ ਸ਼ੋਭਾ ਯਾਤਰਾ ਵਿੱਚ ਸ਼ਾਮਲ ਹੋਣ ਦਾ ਮੌਕਾ ਮਿਲਿਆ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਭਰ ਦੇ ਸਫ਼ਾਈ ਸੇਵਕਾਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਲਈ ਪਹਿਲਾਂ ਹੀ ਨੀਤੀ ਉਤੇ ਵਿਚਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਪਹਿਲਾਂ ਹੀ ਇਕ ਉੱਚ ਪੱਧਰੀ ਕਮੇਟੀ ਬਣਾਈ ਗਈ ਹੈ ਤਾਂ ਕਿ ਇਸ ਨਾਲ ਸਬੰਧਤ ਸਾਰੀਆਂ ਧਿਰਾਂ ਨੂੰ ਭਰੋਸੇ ਵਿੱਚ ਲੈ ਕੇ ਇਕ ਵਿਹਾਰਕ ਢਾਂਚਾ ਬਣਾਇਆ ਜਾਵੇ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਸੂਬਾ ਸਰਕਾਰ ਵਚਨਬੱਧ ਹੈ।






# ਵਿਜੀਲੈਂਸ ਬਿਊਰੋ ਵੱਲੋਂ ਪਲਾਟ ਦੇ ਇੰਤਕਾਲ ਬਦਲੇ 50 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਪਟਵਾਰੀ ਕਾਬੂ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਸੂਬੇ ਵਿੱਚ ਭ੍ਰਿਸ਼ਟਾਚਾਰ ਖਿਲਾਫ਼ ਵਿੱਢੀ ਮੁਹਿੰਮ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸੁਲਤਾਨਵਿੰਡ-2, ਤਹਿਸੀਲ ਅੰਮ੍ਰਿਤਸਰ-1 ਵਿਖੇ ਤਾਇਨਾਤ ਪਟਵਾਰੀ ਮਨਦੀਪ ਸਿੰਘ ਅਤੇ ਉਸ ਦੇ ਸਾਥੀ ਜਰਨੈਲ ਸਿੰਘ ਨੂੰ ਇੱਕ ਪਲਾਟ ਦੇ ਇੰਤਕਾਲ ਬਦਲੇ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁਲਜ਼ਮ ਪਟਵਾਰੀ ਨੂੰ ਲਖਵਿੰਦਰ ਸਿੰਘ ਵਾਸੀ ਡਾਕਟਰ ਐਵੀਨਿਊ, ਜੀ.ਟੀ. ਰੋਡ, ਅੰਮ੍ਰਿਤਸਰ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਮੁਲਜ਼ਮ ਨੇ ਸ਼ਿਕਾਇਤਕਰਤਾ ਵੱਲੋਂ ਵੇਚੇ ਗਏ ਪਲਾਟ ਦਾ ਇੰਤਕਾਲ ਕਰਵਾਉਣ ਬਦਲੇ 20,00,000 ਰੁਪਏ ਰਿਸ਼ਵਤ ਮੰਗੀ ਸੀ। ਉਕਤ ਪਟਵਾਰੀ ਦੇ ਸਾਥੀ ਜਰਨੈਲ ਸਿੰਘ, ਜੋ ਪ੍ਰਾਪਰਟੀ ਡੀਲਰ ਵਜੋਂ ਕੰਮ ਕਰਦਾ ਹੈ, ਨੇ ਪਟਵਾਰੀ ਨਾਲ ਗੱਲ ਕਰਕੇ 3,00,000 ਰੁਪਏ ਵਿੱਚ ਸੌਦਾ ਤੈਅ ਕਰ ਲਿਆ। ਮੁਲਜ਼ਮ ਪਹਿਲੀ ਕਿਸ਼ਤ ਵਜੋਂ 1,00,000 ਰੁਪਏ ਰਿਸ਼ਵਤ ਲੈ ਚੁੱਕਾ ਸੀ।

ਸ਼ਿਕਾਇਤ ਮਿਲਣ ਉਪਰੰਤ ਵਿਜੀਲੈਂਸ ਬਿਊਰੋ ਯੂਨਿਟ ਅੰਮ੍ਰਿਤਸਰ ਨੇ ਟਰੈਪ ਲਗਾ ਕੇ ਮੁਲਜ਼ਮ ਨੂੰ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 50,000 ਰੁਪਏ



ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਰੇਂਜ ਅੰਮ੍ਰਿਤਸਰ ਵਿਖੇ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਵਿਜੀਲੈਂਸ ਯੂਨਿਟ ਅੰਮ੍ਰਿਤਸਰ ਵੱਲੋਂ ਇਸ ਸਬੰਧੀ ਅਗਲੇਰੀ ਪੜਤਾਲ ਕੀਤੀ ਜਾ ਰਹੀ ਹੈ।

# ਭਗਵਾਨ ਵਾਲਮੀਕਿ ਜੀ ਨੇ ਸਮੁੱਚੀ ਲੋਕਾਈ ਨੂੰ ਮਾਨਵਤਾ ਦੇ ਕਲਿਆਣ ਦਾ ਮਾਰਗ ਦਿਖਾਇਆ : ਹਰਜੋਤ ਬੈਂਸ

## ਕੈਬਨਿਟ ਮੰਤਰੀ ਹਰਜੋਤ ਬੈਂਸ ਨੇ ਭਗਵਾਨ ਵਾਲਮੀਕਿ ਜੈਯੰਤੀ ਮੌਕੇ ਧਾਰਮਿਕ ਸਮਾਗਮ ਵਿੱਚ ਕੀਤੀ ਸ਼ਿਰਕਤ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਅੱਜ ਅਸੀ ਆਦਿ ਕਵੀ ਮਹਾਰਿਸ਼ੀ ਵਾਲਮੀਕਿ ਜੀ ਦੀ ਜੈਯੰਤੀ ਦੇ ਸਮਾਰੋਹ ਮਨਾ ਰਹੇ ਹਾਂ। ਧਾਰਮਿਕ ਨਗਰਾਂ ਦੇ ਸਰਵਪੱਖੀ ਵਿਕਾਸ ਉਤੇ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ, ਜਿਸ ਨਾਲ ਉਨ੍ਹਾਂ ਦੀ ਇਤਿਹਾਸਕ ਮਹਾਨਤਾਂ ਬਾਰੇ ਸਮੁੱਚੀ ਲੋਕਾਈ ਨੂੰ ਜਾਣੂ ਕਰਵਾਇਆ ਜਾ ਸਕੇ।



ਇਹ ਪ੍ਰਗਟਾਵਾ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸੂਚਨਾ ਤੇ ਲੋਕ ਸੰਪਰਕ ਵਿਭਾਗ, ਸਕੂਲ ਸਿੱਖਿਆ, ਉਚੇਰੀ ਸਿੱਖਿਆ ਅਤੇ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਪੰਜਾਬ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਗਵਾਨ ਮਹਾਰਿਸ਼ੀ ਵਾਲਮੀਕਿ ਜੈਯੰਤੀ ਮੌਕੇ ਆਯੋਜਿਤ ਭਰਵੇ ਤੇ ਪ੍ਰਭਾਵਸ਼ਾਲੀ ਧਾਰਮਿਕ ਸਮਾਗਮ ਵਿੱਚ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ। ਅੱਜ ਮਹਾਰਿਸ਼ੀ ਵਾਲਮੀਕਿ ਜੈਯੰਤੀ ਮੌਕੇ ਧਾਰਮਿਕ ਸੰਸਥਾਂ ਵੱਲੋਂ ਸੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਇਲਾਕਾ ਵਾਸੀਆਂ ਨੇ ਹੁੰਮ ਹੁਮਾ ਕੇ ਸ਼ਮੂਲੀਅਤ ਕੀਤੀ। ਸ.ਬੈਂਸ ਨੇ ਕਿਹਾ ਕਿ ਜੇਕਰ ਭਗਵਾਨ ਵਾਲਮੀਕਿ ਜੀ ਦੇ ਜੀਵਨ ਤੇ ਨਜ਼ਰ ਮਾਰੀਏ ਤਾਂ ਭਗਵਾਨ ਵਾਲਮੀਕਿ ਜੀ ਦੁਆਰਾ ਰਮਾਇਣ ਲਿਖੀ ਸੀ। ਵਾਲਮੀਕਿ ਜੈਯੰਤੀ ਨੂੰ ਪ੍ਰਗਟ ਦਿਵਸ ਦੇ ਰੂਪ ਮਨਾਇਆ ਜਾਦਾ ਹੈ।

ਬੈਂਸ ਨੇ ਦੱਸਿਆ ਕਿ ਭਗਵਾਨ ਵਾਲਮੀਕਿ ਜੀ ਦੀ ਮੁਲਾਕਾਤ ਭਗਵਾਨ ਰਾਮ ਚੰਦਰ ਜੀ ਨਾਲ ਉਨ੍ਹਾਂ ਦੇ ਬਨਵਾਸ ਦੌਰਾਨ ਹੋਈ ਸੀ, ਇਹ ਵੀ ਕਿਹਾ ਜਾਦਾ ਹੈ ਕਿ ਭਗਵਾਨ ਵਾਲਮੀਕਿ ਜੀ ਨੇ ਸੀਤਾ ਮਾਤਾ ਨੂੰ ਆਪਣਾ ਆਸ਼ਰਮ ਰਹਿਣ ਲਈ ਦਿੱਤਾ ਸੀ, ਜਿੱਥੇ ਉਨ੍ਹਾਂ ਨੇ ਆਪਣੇ ਪੁੱਤਰ ਲਵ, ਕੁਸ਼ ਨੂੰ ਜਨਮ ਦਿੱਤਾ ਸੀ। ਲਵ ਤੇ ਕੁਸ਼ ਦੇ ਜਨਮ ਤੋ ਬਾਅਦ ਭਗਵਾਨ ਵਾਲਮੀਕਿ ਜੀ ਉਨ੍ਹਾਂ ਦੇ ਗੁਰੂ ਬਣ ਗਏ ਸਨ ਤੇ ਉਨ੍ਹਾਂ ਨੂੰ ਰਮਾਇਣ ਬਾਰੇ ਸਿੱਖਿਆ ਦਿੱਤੀ, ਜਿਸ ਵਿੱਚ 24000 ਹਜ਼ਾਰ ਸਲੋਕ ਤੇ 7 ਕਾਂਡ ਹਨ। ਉਨ੍ਹਾਂ ਨੇ ਦੱਸਿਆ ਕਿ ਭਗਵਾਨ ਵਾਲਮੀਕਿ ਜੀ ਦੁਆਰਾ ਲਿਖੀ ਰਮਾਇਣ ਵਿੱਚ ਭਗਵਾਨ ਰਾਮ ਚੰਦਰ ਜੀ ਦੁਆਰਾ ਰਾਵਣ ਨੂੰ ਮਾਰਨ ਬਾਰੇ ਦੱਸਿਆ ਹੈ ਜਿਸ ਨੂੰ ਬੁਰਾਈ ਤੇ ਚੰਗਿਆਈ ਦੀ ਜਿੱਤ ਦੇ ਤਿਉਹਾਰ ਦੁਸਹਿਰੇ ਦੇ ਰੂਪ ਵਿਚ ਮਨਾਉਦੇ ਹਾਂ ਤੇ ਭਗਵਾਨ ਰਾਮ ਦੇ ਅਯੁੱਧਿਆ ਵਾਪਸ ਵਰਤਣ ਬਾਰੇ ਵੀ ਦੱਸਿਆ ਹੈ ਜਿਸ ਨੂੰ ਰੋਸ਼ਨੀ ਦੇ ਤਿਉਹਾਰ ਦੀਵਾਲੀ ਦੇ ਰੂਪ ਵਿਚ ਮਨਾਇਆ ਜਾਦਾ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਭਗਵਾਨ ਵਾਲਮੀਕਿ ਜੀ ਦੁਆਰਾ ਲਿਖਤ ਰਮਾਇਣ ਨੂੰ ਪ੍ਰਸਿੱਧ ਧਾਰਮਿਕ ਗ੍ਰੰਥ ਵਜੋ ਮਾਨਤਾ ਪ੍ਰਾਪਤ ਹੈ। ਸ.ਬੈਂਸ ਨੇ ਕਿਹਾ ਕਿ ਭਗਵਾਨ ਵਾਲਮੀਕਿ ਜੀ ਨੂੰ ਆਦਿ ਕਵੀ ਜਾਂ ਪਹਿਲੇ ਕਵੀ ਦੇ ਰੂਪ ਵਿੱਚ ਜੀ ਜਾਣਿਆ ਜਾਦਾ ਹੈ। ਉਨ੍ਹਾਂ ਨੂੰ ਨਾਰਦ ਮੁਨੀ ਜੀ ਨੇ ਭਗਵਾਨ ਰਾਮ ਜੀ ਦੇ ਜੀਵਨ ਨਾਲ ਜੋੜਿਆ ਅਤੇ ਅੱਜ ਮਹਾਰਿਸ਼ੀ ਵਾਲਮੀਕਿ ਜੀ ਦੀਆਂ ਰਚਨਾਵਾ ਸਮੁੱਚੀ ਲੋਕਾਈ ਤੇ ਕੁੱਲ ਸੰਸਾਰ ਨੂੰ ਸੇਧ ਦੇ ਰਹੀਆਂ ਹਨ। ਇਸ ਮੌਕੇ ਰਵੀ ਹੰਸ ਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਕੈਬਨਿਟ ਮੰਤਰੀ ਹਰਜੋਤ ਬੈਂਸ ਦਾ ਵਿਸੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਕਮਿੱਕਰ ਸਿੰਘ ਡਾਢੀ ਚੇਅਰਮੈਨ, ਪ੍ਰਧਾਨ ਰਵੀ ਹੰਸ, ਹਰਤੇਗਵੀਰ ਸਿੰਘ ਤੇਗੀ, ਦੀਪਕ ਆਂਗਰਾ ਵਪਾਰ ਮੰਡਲ ਪ੍ਰਧਾਨ, ਦਇਆ ਸਿੰਘ ਸੰਧੂ, ਸ਼ੰਮੀ ਬਰਾਰੀ ਯੂਥ ਆਗੂ, ਰਾਜਦੀਪ ਕਾਕੂ, ਜਸਦੀਪ ਆਲਮ, ਦਲੀਪ ਹੰਸ, ਨਿਤਿਨ ਸ਼ਰਮਾ, ਪਰਵਿੰਦਰ ਸਿੰਘ ਘੱਗਾ ਤੇ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਸ਼ਹਿਰੀਆਂ ਨੂੰ ਪਾਰਦਰਸ਼ੀ ਤੇ ਸੁਖਾਲੀਆਂ ਸੇਵਾਵਾਂ ਦੇਣ ਦੀ ਦਿਸ਼ਾ ’ਚ ਅਹਿਮ ਕਦਮ

* ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਤੇ ਮੁੱਖ ਸਕੱਤਰ ਨੇ 51 ਪ੍ਰਮੋਟਰਾਂ/ਬਿਲਡਰਾਂ ਨੂੰ ਸੌਂਪੇ ਸਰਟੀਫਿਕੇਟ * ਰੀਅਲ ਅਸਟੇਟ ਨਾਲ ਸਬੰਧੀ ਕਲੀਅਰੈਂਸ ਸਰਟੀਫਿਕੇਟ ਦੇਣ ਲਈ ਪਹਿਲੀ ਵਾਰ ਲਗਾਇਆ ਵਿਸ਼ੇਸ਼ ਕੈਂਪ : ਹਰਦੀਪ ਸਿੰਘ ਮੁੰਡੀਆਂ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਪਾਰਦਰਸ਼ੀ, ਨਿਰਵਿਘਨ, ਭ੍ਰਿਸ਼ਟਾਚਾਰ ਮੁਕਤ ਤੇ ਸੁਖਾਲੀਆਂ ਸੇਵਾਵਾਂ ਦੇਣ ਦੀ ਵਚਨਬੱਧਤਾ ਤਹਿਤ ਅੱਜ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਨੇ ਆਪਣੇ ਤਰ੍ਹਾਂ ਦਾ ਨਿਵੇਕਲਾ ਅਤੇ ਪਹਿਲਾ ਕੈਂਪ ਲਗਾ ਕੇ ਰੀਅਲ ਅਸਟੇਟ ਨਾਲ ਜੁੜੇ 51 ਕਲੋਨਾਈਜ਼ਰਾਂ ਨੂੰ ਕਲੀਅਰੈਂਸ ਸਰਟੀਫਿਕੇਟ ਜਾਰੀ ਕੀਤੇ ਗਏ।



ਪੰਜਾਬ ਭਵਨ ਵਿਖੇ ਲਗਾਏ ਕੈਂਪ ਵਿੱਚ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆ ਤੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ 51 ਪ੍ਰਮੋਟਰਾਂ/ਬਿਲਡਰਾਂ ਨੂੰ ਕਲੋਨੀਆਂ ਦੇ ਲਾਇਸੈਂਸ, ਕੰਪਲੀਸ਼ਨ ਸਰਟੀਫਿਕੇਟ ਪਾਰਸ਼ੀਅਲ ਕੰਪਲੀਸ਼ਨ ਸਰਟੀਫਿਕੇਟ, ਲੈਟਰ ਆਫ ਇਟੈਂਟ, ਜ਼ੋਨਿੰਗ ਪਲੈਨ, ਬਿਲਡਿੰਗ ਪਲਾਨ, ਪ੍ਰਮੋਟਰ ਰਜਿਸਟ੍ਰੇਸ਼ਨ ਸਰਟੀਫਿਕੇਟ ਅਤੇ ਲੇ-ਆਊਟ ਪਲਾਨ ਆਦਿ ਸੌਂਪੇ ਗਏ।

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਸ. ਮੁੰਡੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਰੀਅਲ ਅਸਟੇਟ ਨਾਲ ਜੁੜੇ ਲੋਕਾਂ ਦੇ ਪੈਂਡਿੰਗ ਕੰਮਾਂ ਦੇ ਨਿਪਟਾਰੇ ਲਈ ਵੱਲੋਂ ਅੱਜ ਪਹਿਲੀ ਵਾਰ ਅਜਿਹਾ ਵਿਸ਼ੇਸ਼ ਕੈਂਪ ਲਗਾਇਆ ਹੈ। ਨਵੰਬਰ ਦੇ ਅਖੀਰ ਵਿੱਚ ਇਸ ਤਰ੍ਹਾਂ ਦਾ ਹੀ ਦੂਜਾ ਕੈਂਪ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਮੋਟਰਾਂ/ਡਿਵੈਲਪਰਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ ਉਤੇ ਪਾਰਦਰਸ਼ਤਾ ਨਾਲ ਨਿਪਟਾਉਣ ਲਈ ਵਿਭਾਗ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਈ-ਮੇਲ ਬਣਾਈ ਗਈ ਹੈ ਜਿਸ ਉੱਪਰ ਕੋਈ ਵੀ ਸ਼ਿਕਾਇਤ ਸਿੱਧੀ ਕਰ ਸਕਦਾ ਹੈ।

ਮੁੰਡੀਆ ਨੇ ਪ੍ਰਮੋਟਰਾਂ/ਡਿਵੈਲਪਰਾਂ ਨੂੰ ਕਿਹਾ ਕਿ ਉਹ ਸਰਕਾਰ ਦੀ ਇਸ ਪਹਿਲਕਦਮੀ ਵਿੱਚ ਪੂਰਾ ਸਹਿਯੋਗ ਦਿੰਦੇ ਹੋਏ ਵਿਕਸਤ ਕੀਤੇ ਜਾ ਰਹੇ ਪ੍ਰਾਜੈਕਟਾਂ ਵਿੱਚ ਉਥੋਂ ਦੇ ਵਸਨੀਕਾਂ ਨੂੰ ਵੱਧ ਤੋਂ ਵੱਧ ਅਤੇ ਉਚ ਪੱਧਰ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਯਤਨ ਕਰਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਜੀ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਂਦੇ ਹੋਏ ਸ਼ਹਿਰਾਂ ਦਾ ਸਰਵਪੱਖੀ ਵਿਕਾਸ ਕਰੀਏ।

ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਬੋਲਦਿਆਂ ਆਖਿਆ ਕਿ ਸੂਬਾ ਸਰਕਾਰ ਕਿਸੇ ਵੀ ਕੰਮ ਦੀ ਪੈਂਡੇਸੀ ਨੂੰ ਲੈ ਕੇ ਬਹੁਤ ਗੰਭੀਰ ਹੈ ਜਿਸ ਕਾਰਨ ਅੱਜ ਇਹ ਕੈਂਪ ਲਗਾ ਕੇ ਰੀਅਲ ਅਸਟੇਟ ਨਾਲ ਜੁੜੇ ਲੋਕਾਂ ਦੇ ਬਕਾਇਆਂ ਕੰਮ ਪੂਰੇ ਕਰਕੇ ਮੌਕੇ ਉਤੇ ਹੀ ਸਰਟੀਫਿਕੇਟ ਦਿੱਤੇ ਜਾ ਰਹੇ ਹਨ। ਸਰਕਾਰ ਦਾ ਇਹ ਫੈਸਲਾ ਸੂਬਾ ਵਾਸੀਆਂ ਦੀ ਭਲਾਈ ਅਤੇ ਸ਼ਹਿਰਾਂ ਦੇ ਵਿਕਾਸ ਦੇ ਨਾਲ-ਨਾਲ ਸੂਬੇ ਦੇ ਆਰਥਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਸਰਕਾਰ ਦੀ ਇਹ ਪਹਿਲਕਦਮੀ ਅੱਗੇ ਵੀ ਜਾਰੀ ਰੱਖਦਿਆਂ ਹੋਰਨਾਂ ਵਿਭਾਗਾਂ ਦੇ ਕੰਮਾਂ ਦੀ ਪੈਂਡੇਸੀ ਦੂਰ ਕਰਨ ਲਈ ਕੈਂਪ ਆਦਿ ਲਗਾਏ ਜਾਣਗੇ।

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਦੇ ਸਕੱਤਰ ਰਾਹੁਲ ਤਿਵਾੜੀ ਨੇ ਕਿਹਾ ਕਿ ਮੁੱਖ ਮੰਤਰੀ ਦੇ ਨਿਰਦੇਸ਼ਾਂ ਉੱਤੇ ਸੂਬੇ ਪ੍ਰਮੋਟਰਾਂ/ਡਿਵੈਲਪਰਾਂ ਦੇ ਰੁਕੇ ਕੰਮਾਂ ਲਈ ਇਹ ਪਹਿਲੀ ਤਰ੍ਹਾਂ ਦਾ ਕੰਮ ਲਗਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪ੍ਰਮੋਟਰਾਂ/ਡਿਵੈਲਪਰਾਂ ਸ਼ਹਿਰੀ ਵਿਕਾਸ ਵਿੱਚ ਅਹਿਮ ਕੜੀ ਹੈ ਜਿਸ ਕਰਕੇ ਉਨ੍ਹਾਂ ਨੂੰ ਆਪਣੇ ਕੰਮਾਂ ਲਈ ਹੁਣ ਖੱਜਲ ਖੁਆਰ ਨਹੀਂ ਹੋਣਾ ਪਵੇਗਾ।

ਰੀਅਲ ਅਸਟੇਟ ਦੀ ਕਨਫੈਡਰੇਸ਼ਨ ਵੱਲੋਂ ਜਗਜੀਤ ਸਿੰਘ ਨੇ ਸਰਕਾਰ ਦੀ ਪਹਿਲੀ ਤੇ ਨਿਵੇਕਲੀ ਪਹਿਲ ਦਾ ਸਵਾਗਤ ਕਰਦਿਆਂ ਸਰਕਾਰ ਦਾ ਧੰਨਵਾਦ ਕੀਤਾ।

ਇਸ ਮੌਕੇ ਵੱਖ-ਵੱਖ ਅਥਾਰਟੀਆਂ ਨਾਲ ਸਬੰਧਤ ਸਰਟੀਫਿਕੇਟ ਸੌਂਪੇ ਗਏ ਅਤੇ ਮੌਕੇ ਤੋਂ ਫੀਡਬੈਕ ਵੀ ਲਈ ਗਈ ਕਿ ਉਨ੍ਹਾਂ ਕਿਹਾ ਕਿ ਕਿਸੇ ਪੜਾਅ ਵਿੱਚ ਕੋਈ ਮੁਸ਼ਕਲ ਆਈ ਹੋਵੇ। ਕੈਂਪ ਦੀ ਕਾਰਵਾਈ ਦਾ ਸੰਚਾਲਨ ਵਿਭਾਗ ਦੀ ਵਿਸ਼ੇਸ਼ ਸਕੱਤਰ ਅਪਨੀਤ ਰਿਆਤ ਨੇ ਕੀਤਾ। ਪੁੱਡਾ ਦੇ ਸੀ.ਏ. ਤੇ ਡਾਇਰੈਕਟਰ ਟਾਊਨ ਐਂਡ ਕੰਟਰੀ ਪਲਾਨਿੰਗ ਨੀਰੂ ਕਤਿਆਲ ਗੁਪਤਾ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।

ਇਸ ਮੌਕੇ ਬੀ.ਡੀ.ਏ. ਤੇ ਪੀ.ਡੀ.ਏ. ਦੇ ਸੀ.ਏ. ਮਨੀਸ਼ਾ ਰਾਣਾ, ਏ.ਡੀ.ਏ. ਤੇ ਜੇ.ਡੀ.ਏ. ਦੇ ਸੀ.ਏ. ਅੰਕੁਰਜੀਤ ਸਿੰਘ, ਗਲਾਡਾ ਦੇ ਸੀ.ਏ. ਹਰਪ੍ਰੀਤ ਸਿੰਘ ਤੇ ਪੁੱਡਾ ਦੇ ਏ.ਸੀ.ਏ. ਇਨਾਇਤ ਵੀ ਹਾਜ਼ਰ ਸਨ।

# ਪੰਜਾਬ ਵੱਲੋਂ ਰਾਜਾਂ ਦੇ ਵਿੱਤ ਨੂੰ ਮਜ਼ਬੂਤ ਕਰਨ ਲਈ ਵਾਧੂ ਜੀਐਸਟੀ ਸੈੱਸ ਦੀ ਨਿਰਪੱਖ ਵੰਡ ਦੀ ਵਕਾਲਤ

ਹਰਪਾਲ ਸਿੰਘ ਚੀਮਾ ਨੇ ਜੀਐਸਟੀ ਮੁਆਵਜ਼ੇ ਨਾਲ ਰਾਜਾਂ ਦੀ ਸਵੈ-ਨਿਰਭਰਤਾ ਨੂੰ ਸੰਤੁਲਿਤ ਕਰਨ ਦੀ ਲੋੜ 'ਤੇ ਦਿੱਤਾ ਜ਼ੋਰ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੀ ਵਿੱਤੀ ਸਥਿਤੀ ਅਤੇ ਮੌਜੂਦਾ ਜੀਐਸਟੀ ਢਾਂਚੇ ਨੂੰ ਦੇਖਦੇ ਹੋਏ ਜੀਐਸਟੀ ਮੁਆਵਜ਼ਾ ਸੈੱਸ ਜਾਰੀ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ ਹੈ।



ਅੱਜ ਇਥੇ ਵੀਡੀਓ ਕਾਨਫਰੰਸਿੰਗ ਰਾਹੀਂ ਮੁਆਵਜ਼ੇ ਦੇ ਸੈੱਸ ਦੇ ਪੁਨਰਗਠਨ ਬਾਰੇ ਮੰਤਰੀਆਂ ਦੇ ਸਮੂਹ (ਜੀ.ਓ.ਐਮ) ਦੀ ਮੀਟਿੰਗ ਵਿੱਚ ਹਿੱਸਾ ਲੈਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਅਸਥਿਰ ਮੰਗ ਵਾਲੀਆਂ ਵਸਤੂਆਂ ਅਤੇ ਲਗਜ਼ਰੀ ਵਸਤਾਂ 'ਤੇ ਲਗਾਇਆ ਗਿਆ ਸੈੱਸ ਪੰਜਾਬ ਲਈ ਮਾਲੀਆ ਜੁਟਾਉਣ ਵਾਸਤੇ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਹਾਲਾਂਕਿ, ਉਹਨਾਂ ਕਰ ਜੁਟਾਉਣ ਸਬੰਧੀ ਸੂਬਿਆਂ ਵਿੱਚ ਸਵੈ-ਨਿਰਭਰਤਾ ਦੀ ਮਹੱਤਤਾ ਨੂੰ ਵੀ ਉਜਾਗਰ ਕੀਤਾ।

ਵਾਧੂ ਸੈੱਸ ਦੀ ਉਗਰਾਹੀ ਦੇ ਸਬੰਧ ਵਿੱਚ, ਪੰਜਾਬ ਵੱਲੋਂ ਇਸ ਨੂੰ ਇੱਕ ਉਚਿਤ ਵਿਧੀ ਦੇ ਅਧਾਰ 'ਤੇ ਰਾਜਾਂ ਵਿੱਚ ਵੰਡਣ ਦਾ ਪ੍ਰਸਤਾਵ ਪੇਸ਼ ਕੀਤਾ ਗਿਆ ਤਾਂ ਜੋ ਲੋੜਵੰਦ ਸੂਬਿਆਂ ਦਰਮਿਆਨ ਸਮਾਨ ਵੰਡ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਇਸ ਨਾਲ ਦੇਸ਼ ਦੇ ਸੰਘੀ ਢਾਂਚੇ ਨੂੰ ਮਜ਼ਬੂਤੀ ਮਿਲੇਗੀ ਅਤੇ ਰਾਜ ਆਤਮ-ਨਿਰਭਰ ਹੋਣਗੇ। ਉਨ੍ਹਾਂ ਅਜਿਹੇ ਰਾਜਾਂ ਦੀ ਪਛਾਣ ਕਰਨ 'ਤੇ ਵੀ ਧਿਆਨ ਕੇਂਦਰਤ ਕੀਤਾ ਜਿਨ੍ਹਾਂ ਨੂੰ ਅਜਿਹੇ ਮੁਆਵਜ਼ੇ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇੰਨ੍ਹਾਂ ਰਾਜਾਂ ਨੂੰ ਸੈੱਸ ਦੀ ਬਰਾਬਰ ਵੰਡ ਕਰਨ ਦੇ ਉਦੇਸ਼ ਨਾਲ ਮਾਪਦੰਡ ਤੈਅ ਕੀਤੇ ਜਾਣ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾਂ ਵੱਲੋਂ ਪੇਸ਼ ਕੀਤੀਆਂ ਗਈਆਂ ਤਜਵੀਜ਼ਾਂ ਦਾ ਉਦੇਸ਼ ਮਾਲੀਏ ਦੇ ਪ੍ਰਵਾਹ ਨੂੰ ਬਣਾਈ ਰੱਖਣਾ ਅਤੇ ਸੂਬਿਆਂ ਦੀ ਸਵੈ-ਨਿਰਭਰਤਾ ਵਧਾਉਣਾ ਹੈ।

# ਪੰਜਾਬ ਨੇ 2035 ਤੱਕ ਈਂਧਣ ਦੀ 20 ਫ਼ੀਸਦ ਮੰਗ ਨੂੰ ਬਾਇਓਫਿਊਲਜ਼ ਰਾਹੀਂ ਪੂਰਾ ਕਰਨ ਦਾ ਟੀਚਾ ਮਿੱਥਿਆ : ਅਮਨ ਅਰੋੜਾ

ਪ੍ਰਤੀ ਦਿਨ 720 ਟਨ ਸੀ.ਬੀ.ਜੀ. ਉਤਪਾਦਨ ਦੀ ਕੁੱਲ ਸਮਰੱਥਾ ਵਾਲੇ 58 ਪ੍ਰਾਜੈਕਟ ਅਲਾਟ, ਸਾਲਾਨਾ 25 ਲੱਖ ਟਨ ਪਰਾਲੀ ਦੀ ਕਰਨਗੇ ਖ਼ਪਤ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਪੰਜਾਬ ਨੂੰ ਬਾਇਓਫਿਊਲਜ਼ ਉਤਪਾਦਨ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਪੰਜਾਬ ਸਰਕਾਰ ਨੇ ਬਾਇਓਫਿਊਲਜ਼ ਨੀਤੀ ਤਿਆਰ ਕੀਤੀ ਹੈ, ਜਿਸ ਦਾ ਉਦੇਸ਼ ਸਾਲ 2035 ਤੱਕ ਸੂਬੇ ਦੀ ਸਮੁੱਚੀ ਈਂਧਨ ਮੰਗ ਦੇ 20 ਫ਼ੀਸਦੀ ਨੂੰ ਬਾਇਓਫਿਊਲਜ਼ ਰਾਹੀਂ ਪੂਰਾ ਕਰਨਾ ਹੈ।

ਇਹ ਜਾਣਕਾਰੀ ਅੱਜ ਇੱਥੇ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ "ਬਾਇਓਫਿਊਲਜ਼: ਰੀ-ਇਮੈਜਨਿੰਗ ਇੰਡੀਆ'ਜ਼ ਅਨੈਰਜੀ ਸੈਕਟਰ ਐਂਡ ਸਸਟੇਨੇਬਿਲਟੀ ਇਨ ਐਗਰੀਕਲਚਰ" ਵਿਸ਼ੇ 'ਤੇ ਕਰਵਾਈ ਗਈ ਰਾਊਂਡ ਟੇਬਲ ਚਰਚਾ ਦੌਰਾਨ ਦਿੱਤੀ।

ਉਨ੍ਹਾਂ ਦੱਸਿਆ ਕਿ ਇਸ ਨੀਤੀ ਦਾ ਉਦੇਸ਼ ਪੰਜਾਬ ਵਿੱਚ ਫ਼ਸਲੀ ਰਹਿੰਦ-ਖੂੰਹਦ ਤੋਂ ਬਾਇਓਫਿਊਲਜ਼, ਜਿਨ੍ਹਾਂ ਵਿੱਚ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.), 2ਜੀ ਬਾਇਓ-ਈਥਾਨੌਲ ਅਤੇ ਬਾਇਓਮਾਸ ਪੈਲੇਟਸ ਸ਼ਾਮਲ ਹਨ, ਦੇ ਉਤਪਾਦਨ ਨੂੰ ਉਤਸ਼ਾਹਿਤ ਕਰਨਾ ਹੈ। ਇਸ ਨੀਤੀ ਤਹਿਤ ਘੱਟੋ-ਘੱਟ 50 ਫ਼ੀਸਦ ਖੇਤੀਬਾੜੀ ਅਤੇ ਹੋਰ ਰਹਿੰਦ-ਖੂੰਹਦ ਦੀ ਵਰਤੋਂ ਕੀਤੀ ਜਾਵੇਗੀ, ਜਿਸ ਨਾਲ ਮਿੱਟੀ ਵਿੱਚ ਜੈਵਿਕ ਸਮੱਗਰੀ 5 ਫ਼ੀਸਦ ਤੱਕ ਵਧਣ ਦੀ ਉਮੀਦ ਹੈ। ਇਸ ਨਾਲ ਸੂਬੇ ਦੇ ਕਿਸਾਨਾਂ ਨੂੰ ਬਾਇਓਫਿਊਲਜ਼ ਫਸਲਾਂ ਦੀ ਕਾਸ਼ਤ ਅਤੇ ਬਾਇਓਮਾਸ ਦੀ ਵਿਕਰੀ ਨਾਲ ਆਮਦਨ ਦਾ ਵਾਧੂ ਸਰੋਤ ਪੈਦਾ ਕਰਨ ਦਾ ਮੌਕਾ ਮਿਲੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਇੱਕ ਖੇਤੀ ਪ੍ਰਧਾਨ ਸੂਬਾ ਹੈ, ਇਸ ਲਈ ਇੱਥੇ ਬਾਇਓਫਿਊਲਜ਼ ਦੇ ਉਤਪਾਦਨ ਦੀਆਂ ਅਥਾਹ ਸੰਭਾਵਨਾਵਾਂ ਹਨ। ਸੂਬੇ ਵਿੱਚ ਸਾਲਾਨਾ ਲਗਭਗ 20 ਮਿਲੀਅਨ ਟਨ ਝੋਨੇ ਦੀ ਪਰਾਲੀ ਪੈਦਾ ਹੁੰਦੀ ਹੈ, ਜਿਸ ਵਿੱਚੋਂ ਮੌਜੂਦਾ ਸਮੇਂ ਲਗਭਗ 12 ਮਿਲੀਅਨ ਟਨ ਪਰਾਲੀ ਦੀ ਵੱਖ-ਵੱਖ ਤਰੀਕਿਆਂ ਨਾਲ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰੋਜੈਕਟ ਪਰਾਲੀ ਸਾੜਨ ਦੀ ਸਮੱਸਿਆ ਦਾ ਸਭ ਤੋਂ ਪ੍ਰਭਾਵਸ਼ਾਲੀ ਹੱਲ ਹੈ। ਝੋਨੇ ਦੀ ਪਰਾਲੀ ਅਤੇ ਹੋਰ ਖੇਤੀ ਰਹਿੰਦ-ਖੂੰਹਦ ਦੇ ਆਧਾਰ 'ਤੇ ਪੰਜਾਬ ਨੇ ਪ੍ਰਤੀ ਦਿਨ ਲਗਭਗ 720 ਟਨ ਸੀ.ਬੀ.ਜੀ. ਦੀ ਕੁੱਲ ਉਤਪਾਦਨ ਸਮਰੱਥਾ ਵਾਲੇ 58 ਸੀ.ਬੀ.ਜੀ. ਪ੍ਰਾਜੈਕਟ ਅਲਾਟ ਕੀਤੇ ਹਨ। ਇਹਨਾਂ ਦੇ ਕਾਰਜਸ਼ੀਲ ਹੋਣ 'ਤੇ ਹਰ ਸਾਲ ਲਗਭਗ 24-25 ਲੱਖ ਟਨ ਪਰਾਲੀ ਦੀ ਖ਼ਪਤ ਹੋਵੇਗੀ, ਜਦੋਂਕਿ ਲਗਭਗ 5,000 ਵਿਅਕਤੀਆਂ ਲਈ



ਸਿੱਧੇ ਅਤੇ 7,500 ਹੋਰ ਵਿਅਕਤੀਆਂ ਲਈ ਅਸਿੱਧੇ ਤੌਰ ‘ਤੇ ਰੋਜ਼ਗਾਰ ਦੇ ਮੌਕੇ ਵੀ ਪੈਦਾ ਹੋਣਗੇ।

ਸੂਬੇ ਦੇ ਕਿਸਾਨਾਂ, ਉਦਯੋਗਾਂ ਅਤੇ ਹੋਰ ਭਾਈਵਾਲਾਂ ਨੂੰ ਸਰਕਾਰ ਦਾ ਸਾਥ ਦੇਣ ਅਤੇ ਸੁਨਹਿਰੀ ਭਵਿੱਖ ਲਈ ਜੈਵਿਕ ਬਾਲਣ ਪਹਿਲਕਦਮੀਆਂ ਨੂੰ ਅਪਣਾਉਣ ਦੀ ਅਪੀਲ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਪੰਜਾਬ ਵਿੱਚ ਨਵੀਂ ਹਰੀ ਕ੍ਰਾਂਤੀ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਕਣਕ-ਝੋਨੇ ਦੇ ਰਵਾਇਤੀ ਫ਼ਸਲੀ ਚੱਕਰ ਕਾਰਨ ਧਰਤੀ ਹੇਠਲੇ ਪਾਣੀ ਦਾ ਪੱਧਰ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਲਗਾਤਾਰ ਘਟਦੇ ਜਾ ਰਹੇ ਹਨ। ਰਿਵਾਇਤੀ ਈਂਧਨ ਦੇ ਮੁਕਾਬਲੇ ਬਾਇਓਫਿਊਲਜ਼ ਘੱਟ ਗ੍ਰੀਨਹਾਊਸ ਗੈਸਾਂ ਪੈਦਾ ਕਰਦੇ ਹਨ। ਇਸ ਤਰ੍ਹਾਂ ਇਹ ਖੇਤੀਬਾੜੀ ਰਹਿੰਦ-ਖੂੰਹਦ ਨੂੰ ਊਰਜਾ ਵਿੱਚ ਬਦਲ ਕੇ ਵਾਤਾਵਰਣ ‘ਤੇ ਪੈਣ ਵਾਲੇ ਮਾੜੇ ਪ੍ਰਭਾਵ ਨੂੰ ਘਟਾ ਕੇ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਉਤਸ਼ਾਹਿਤ ਕਰਕੇ ਆਰਥਿਕਤਾ ਵਿੱਚ ਯੋਗਦਾਨ ਪਾਉਂਦੇ ਹਨ। ਉਹਨਾਂ ਨੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਅਤੇ ਰਵਾਇਤੀ ਫ਼ਸਲੀ ਚੱਕਰ ਦੇ ਮਾੜੇ ਪ੍ਰਭਾਵਾਂ ਨੂੰ ਘੱਟ ਕਰਨ ਲਈ ਪ੍ਰਭਾਵਸ਼ਾਲੀ ਰਣਨੀਤੀਆਂ ਰਾਹੀਂ ਹੋਰ ਬਦਲਵੀਆਂ ਫ਼ਸਲਾਂ ਦੀ ਖੇਤੀ ਕਰਨ ਲਈ ਵੀ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਫ਼ਸਲਾਂ ਦੇ ਉਤਪਾਦਨ ਵਿੱਚ ਵਿਭਿੰਨਤਾ ਲਿਆ ਕੇ, ਕਿਸਾਨ ਮਿੱਟੀ ਦੀ ਉਪਜਾਊ ਸ਼ਕਤੀ ਤੇ ਉਪਜ ਵਿੱਚ ਵਾਧਾ ਕਰਨ ਦੇ ਨਾਲ-ਨਾਲ ਟਿਕਾਊ ਖੇਤੀ ਵਿਧੀਆਂ ਨੂੰ ਉਤਸ਼ਾਹਿਤ ਕਰ ਸਕਦੇ ਹਨ ਜੋ ਵਾਤਾਵਰਣ ਅਤੇ ਖੇਤੀਬਾੜੀ ਉਪਜ ਦੋਵਾਂ ਲਈ ਲਾਹੇਵੰਦ ਹੋਣਗੀਆਂ।

ਅਮਨ ਅਰੋੜਾ ਨੇ ਦੱਸਿਆ ਕਿ ਇਸ ਸਮੇਂ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਦੇ ਕੁੱਲ 85 ਟਨ ਪ੍ਰਤੀ ਦਿਨ ਸਮਰੱਥਾ ਵਾਲੇ 4 ਪ੍ਰਾਜੈਕਟ ਕਾਰਜਸ਼ੀਲ ਹਨ। ਇਸ ਤੋਂ ਇਲਾਵਾ, ਵਿੱਤੀ ਸਾਲ 2024-25 ਵਿੱਚ 20 ਟੀ.ਪੀ.ਡੀ. ਦੀ ਸਮਰੱਥਾ ਵਾਲਾ 1 ਹੋਰ ਸੀ.ਬੀ.ਜੀ. ਪ੍ਰੋਜੈਕਟ ਸ਼ੁਰੂ ਕੀਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2025-26 ਵਿੱਚ ਸੀ.ਬੀ.ਜੀ. ਦੀ 59 ਟੀ.ਪੀ.ਡੀ. ਸਮਰੱਥਾ ਵਾਲੇ 6 ਹੋਰ ਪ੍ਰਾਜੈਕਟ ਲਾਂਚ ਕੀਤੇ ਜਾਣਗੇ।

# ਜੰਜੂਆ ਨੇ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਚੀਫ਼ ਕਮਿਸ਼ਨਰ ਵਜੋਂ ਸਹੁੰ ਚੁੱਕੀ



ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਵਿਜੈ ਕੁਮਾਰ ਜੰਜੂਆ ਨੂੰ ਪੰਜਾਬ ਪਾਰ-ਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਨਵੇਂ ਚੀਫ਼ ਕਮਿਸ਼ਨਰ ਵਜੋਂ ਸਹੁੰ ਚੁਕਾਈ।

1989 ਬੈਚ ਦੇ ਪੰਜਾਬ ਕੇਡਰ ਦੇ ਸੇਵਾਮੁਕਤ ਆਈ.ਏ.ਐਸ. ਅਧਿਕਾਰੀ ਵਿਜੈ ਕੁਮਾਰ ਜੰਜੂਆ ਨੇ ਪਹਿਲਾਂ ਸੂਬੇ ਦੇ ਮੁੱਖ ਸਕੱਤਰ ਵਜੋਂ ਸੇਵਾਵਾਂ ਨਿਭਾਈਆਂ ਸਨ। ਜ਼ਿਕਰਯੋਗ ਹੈ ਕਿ ਜੰਜੂਆ ਨੇ ਪੰਜਾਬ ਦੇ ਪੇਂਡੂ ਵਿਕਾਸ, ਉਦਯੋਗ, ਕਿਰਤ, ਪਸ਼ੂ ਪਾਲਣ ਸਮੇਤ ਵੱਖ-ਵੱਖ ਵਿਭਾਗਾਂ ਵਿੱਚ ਵੀ ਕੰਮ ਕੀਤਾ। ਉਨ੍ਹਾਂ ਨੇ ਭਾਰਤ ਸਰਕਾਰ ਦੇ ਉਦਯੋਗਿਕ ਨੀਤੀ ਅਤੇ ਪ੍ਰੋਤਸਾਹਨ ਵਿਭਾਗ ਵਿੱਚ ਉਦਯੋਗਾਂ ਦੇ ਡਾਇਰੈਕਟਰ ਵਜੋਂ ਤਿੰਨ ਸਾਲ ਸੇਵਾ ਨਿਭਾਈ। ਇਸ ਦੇ ਨਾਲ ਹੀ ਉਨ੍ਹਾਂ ਨੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਵੀ ਸੇਵਾਵਾਂ ਨਿਭਾਈਆਂ।

ਇਸ ਸਹੁੰ ਚੁੱਕ ਸਮਾਗਮ ਦਾ ਸੰਚਾਲਨ ਸਕੱਤਰ ਪ੍ਰਸੋਨਲ ਗੁਰਪ੍ਰੀਤ ਕੌਰ ਸਪਰਾ ਵੱਲੋਂ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਸ਼ੇਸ਼ ਸਕੱਤਰ ਗੌਰੀ ਪਰਾਸ਼ਰ ਜੋਸ਼ੀ, ਰਜਿਸਟਰਾਰ ਸਹਿਕਾਰੀ ਸਭਾਵਾਂ ਵਿਮਲ ਸੇਤੀਆ, ਡਾਇਰੈਕਟਰ ਪ੍ਰਸ਼ਾਸਨਿਕ ਸੁਧਾਰ ਗਿਰੀਸ਼ ਦਿਆਲਨ, ਵਿਸ਼ੇਸ਼ ਸਕੱਤਰ ਪ੍ਰਸੋਨਲ ਬਲਦੀਪ ਕੌਰ, ਵਧੀਕ ਸਕੱਤਰ ਤਾਲਮੇਲ ਰਾਹੁਲ ਅਤੇ ਵਧੀਕ ਸਕੱਤਰ ਪ੍ਰਸੋਨਲ ਨਵਜੋਤ ਕੌਰ ਮੌਜੂਦ ਸਨ।

# ਭਾਰਤੀ ਚੋਣ ਕਮਿਸ਼ਨ ਨੇ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰ ਅਯੋਗ ਐਲਾਨੇ : ਸਿਬਿਨ ਸੀ

ਚੋਣ ਖਰਚੇ ਨਾ ਦੇਣ ਕਰਕੇ ਵੱਖ-ਵੱਖ ਹੁਕਮਾਂ ਰਾਹੀਂ ਸੰਗਰੂਰ ਜ਼ਿਲ੍ਹੇ ਦੇ 3 ਅਤੇ ਮਾਨਸਾ ਤੇ ਫਰੀਦਕੋਟ ਜ਼ਿਲ੍ਹੇ ਦਾ 1-1 ਉਮੀਦਵਾਰ ਅਗਲੇ 3 ਸਾਲ ਤੱਕ ਨਹੀਂ ਲੜ ਸਕੇਗਾ ਚੋਣਾਂ

ਚੰਡੀਗੜ੍ਹ, 16 ਅਕਤੂਬਰ (ਪੋਸਟ ਬਿਊਰੋ): ਭਾਰਤੀ ਚੋਣ ਕਮਿਸ਼ਨ ਵੱਲੋਂ ਵੱਖ-ਵੱਖ ਹੁਕਮਾਂ ਰਾਹੀਂ ਪੰਜਾਬ ਵਿਧਾਨ ਸਭਾ 2022 ਦੀਆਂ ਚੋਣਾਂ ਲੜਨ ਵਾਲੇ 5 ਉਮੀਦਵਾਰਾਂ ਨੂੰ ਅਯੋਗ ਐਲਾਨਿਆ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਉਮੀਦਵਾਰਾਂ ਨੇ ਲੋਕ ਪ੍ਰਤੀਨਿਧੀ ਐਕਟ, 1951 ਦੇ ਸੈਕਸ਼ਨ 78 ਅਨੁਸਾਰ ਨਿਸ਼ਚਿਤ ਸਮਾਂ ਸੀਮਾ ਅੰਦਰ ਆਪਣੇ ਚੋਣ ਖਰਚੇ ਦਾ ਵੇਰਵਾ ਕਮਿਸ਼ਨ ਕੋਲ ਜਮ੍ਹਾਂ ਨਹੀਂ ਕਰਵਾਇਆ ਜਿਸ ਕਰਕੇ ਅਗਲੇ 3 ਸਾਲ ਤੱਕ ਇਨ੍ਹਾਂ ਉਮੀਦਵਾਰਾਂ ਨੂੰ ਚੋਣ ਲੜਨ ਦੇ ਅਯੋਗ ਕਰਾਰ ਦਿੱਤਾ ਗਿਆ ਹੈ।



ਉਨ੍ਹਾਂ ਦੱਸਿਆ ਕਿ ਇਨ੍ਹਾਂ 5 ਉਮੀਦਵਾਰਾਂ ਵਿੱਚੋਂ ਸੰਗਰੂਰ ਜ਼ਿਲ੍ਹੇ ਦੇ 3 ਉਮੀਦਵਾਰ ਅਤੇ ਮਾਨਸਾ ਤੇ ਫਰੀਦਕੋਟ ਜ਼ਿਲ੍ਹੇ ਦਾ 1-1 ਉਮੀਦਵਾਰ ਸ਼ਾਮਿਲ ਹੈ। ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਹੁਕਮਾਂ ਰਾਹੀਂ ਸੰਗਰੂਰ ਜ਼ਿਲ੍ਹੇ ਦੀ ਧੂਰੀ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਸ਼ਕਤੀ ਕੁਮਾਰ ਗੁਪਤਾ ਤੇ ਜਸਵਿੰਦਰ ਸਿੰਘ ਅਤੇ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਸਨਮੁਖ ਸਿੰਘ ਮੋਖਾ ਨੂੰ ਅਯੋਗ ਕਰਾਰ ਦਿੱਤਾ ਗਿਆ ਹੈ।

ਇਸੇ ਤਰ੍ਹਾਂ ਫਰੀਦਕੋਟ ਵਿਧਾਨ ਸਭਾ ਸੀਟ ਤੋਂ ਚੋਣ ਲੜਨ ਵਾਲੇ ਗੁਰਚਰਨ ਸਿੰਘ ਸੰਘਾ ਨੂੰ ਵੀ ਅਯੋਗ ਐਲਾਨਿਆਂ ਗਿਆ ਹੈ। ਸਿਬਿਨ ਸੀ ਨੇ ਅੱਗੇ ਦੱਸਿਆ ਕਿ ਸੁਨਾਮ ਵਿਧਾਨ ਸੀਟ ਤੋਂ ਚੋਣ ਲੜਨ ਵਾਲੇ ਮਾਨਸਾ ਜ਼ਿਲ੍ਹੇ ਦੇ ਵਾਸੀ ਹਰਭਗਵਾਨ ਸ਼ਰਮਾ ਭਿੱਖੀ ਨੂੰ ਵੀ ਭਾਰਤੀ ਚੋਣ ਕਮਿਸ਼ਨ ਨੇ ਅਗਲੇ 3 ਸਾਲ ਤੱਕ ਚੋਣ ਲੜਨ ਦੇ ਅਯੋਗ ਐਲਾਨਿਆ ਹੈ।

PURBA APPRAISALS INC.

# WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

The Mortgage Centre
We work for *you*, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services

## Urgently Need New Listings in Brampton/Caledon

visit: www.teamjagaujla.com



Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com

## CALL JAG FOR A QUICK & FREE HOME EVALUATION

www BramptonTopRealtor.com www BramptonTopAgent.com

## URGENTLY NEED NEW LISTINGS IN THIS AREA

## RECENTLY LISTED/SOLD IN YOUR NEIGHBOURHOOD BY JAG AUJLA

### LISTED IN *BRAMPTON*

TORBRAM/ FATHER TOBIN/MOUNTAINASH



1500–2000 sq.ft.
Front Brick and Stone
3+1 ਬੈਡਰੂਮ + 3 ਵਾਸ਼ਰੂਮ, ਫਰੀਹੋਲਡ ਟਾਊਨ ਹਾਊਸ, ਓਕ ਸਟੇਅਰਕੇਸ, ਹਾਰਡਵੁੱਡ ਅਤੇ ਸੀਰਾਮਿਕ ਫਲੋਰ, ਸਾਂਨਦਾਰ ਕਿਚਨ ਮਾਸਟਰ ਬੈਡਰੂਮ ਵਿਚ 5 ਪੀਸ ਇਨਸੂਇਟ ਅਤੇ ਵਾਕ ਇਨ ਕਲੋਜਿਟ, ਨਿਊਂ ਅਪਲਾਂਇਸਿਸ

### LISTED IN *BRAMPTON*

BRAMALEA/ SANDALWOOD/DEWSIDE



2000–2500 sq.ft. ਟਾਊਨ ਹਾਊਸ
4+1 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Partially ਫਿਨੀਸ਼ਡ ਬੇਸਮੇਂਟ ਵਿੱਚ ਵਾਇਨਲ ਫਲੋਰ।
Master ਬੈਡਰੂਮ ਵਿੱਚ 5 ਪੀਸ ਇਨਸੂਇਟ ਅਤੇ His & Her ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

### LISTED IN *MISSISSAUGA*

BURNHAMTHORPE/CONFEDERATION



900–999 sq.ft. ਲੇਕ ਵਿਊ
2 ਬੈਡਰੂਮ + 1 ਵਾਸ਼ਰੂਮ
ਵੱਡੀਆਂ ਕੀਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਮੀਨੇਟ ਫਲੋਰ, ਬਹੁਤ ਖੁਲੀ ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲੱਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One + Celebration Square, Grand Park Plaza, Sheridan College Campus.

### LISTED IN *CAMBRIDGE*

SPEEDSVILLE RD/ EQUESTRAIN WAY/MAPLE GROVE



1500–2000 sq.ft. ਟਾਊਨ ਹਾਊਸ
4 ਬੈਡਰੂਮ + 3 ਵਾਸ਼ਰੂਮ
ਫਰੀਹੋਲਡ ਟਾਊਨ ਹਾਊਸ
Upgraded ਕੀਚਨ,
Stainless Steel Appliacnes
ਬੈਡਰੂਮ ਵਿੱਚ 4 ਪੀਸ ਇਨਸੂਇਟ ਅਤੇ Walk-in ਕਲੋਜ਼ਿਟ, Laundary ਮੇਨ ਫਲੋਰ ਤੇ। ਅੱਪਗਰੇਡਿੱਡ Lights.
ਸਹੂਲਤਾਂ ਦੇ ਬਹੁਤ ਨੇੜੇ।

## FREE

- ✓ Full MLS Services
- ✓ Consistently Marketing Your Property Until SOLD
- ✓ Competitive Rates, Exceptional Service & Award Winning Results
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
"(Based on units sold & commissions)" *Some Conditions Apply.

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022